ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 25 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੨ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਗਿਆਨੀ ਪ੍ਰੀਤਮ ਸਿੰਘ ਜੀ (ਲਿਖਾਰੀ ਜਥਾ ਭਿੰਡਰਾਂ) ਜੀ ਨੂੰ

# ਸੇਜਲਾ ਅੱਖਾਂ ਨਾਲ ਪੂਰਨ ਗੁਰਮਰਿਆਦਾ ਅਨੁਸਾਰ ਅੰਤਿਮ ਵਿਦਾਇਗੀ

### ਵੱਖ-ਵੱਖ ਧਾਰਮਿਕ, ਸਿਆਸੀ ਤੇ ਪੰਥਕ ਜਥੇਬੰਦੀਆਂ ਵੱਲੋਂ ਸ਼ਰਧਾਂਜਲੀਆਂ ਭੇਂਟ • ਸੰਗਤਾਂ ਦਾ ਉਮੜਿਆ ਸੈਲਾਬ






ਬਹੁਤ ਹੀ ਸਤਿਕਾਰਯੋਗ ਗਿਆਨੀ ਪ੍ਰੀਤਮ ਸਿੰਘ ਜੀ ਜੋ ਪਿਛਲੇ ਦਿਨੀਂ ਸਾਨੂੰ ਸਾਰਿਆਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ, ਦਾ ਅੱਜ ਸੰਗਤਾਂ ਦੇ ਸੈਲਾਬ ਅਤੇ ਪੰਥਕ, ਧਾਰਮਿਕ ਤੇ ਰਾਜਸੀ ਸ਼ਖਸੀਅਤਾਂ ਦਰਮਿਆਨ ਪੂਰਨ ਗੁਰਮਰਿਆਦਾ ਅਨੁਸਾਰ ਅੰਤਿਮ ਸੰਸਕਾਰ ਕੀਤਾ ਗਿਆ। ਉਨ੍ਹਾਂ ਨੂੰ ਭਾਵੁਕ ਸ਼ਰਧਾਂਜਲੀ ਭੇਂਟ ਕਰਦਿਆਂ ਪੰਥਕ ਸ਼ਖਸੀਅਤਾਂ ਨੇ ਕਿਹਾ ਕਿ ਗਿਆਨੀ ਪ੍ਰੀਤਮ ਸਿੰਘ ਜੀ ਦੇ ਅਕਾਲ ਚਲਾਣੇ ਨਾਲ ਪੂਰਨ ਸਿੱਖ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਦੇ ਸੰਪੂਰਨ ਜੀਵਨ 'ਤੇ ਝਾਤ ਪਾਉਂਦਿਆਂ ਪੰਥਕ ਸ਼ਖਸੀਅਤਾਂ ਨੇ ਦੱਸਿਆ ਕਿ ਗਿਆਨੀ ਪ੍ਰੀਤਮ ਸਿੰਘ ਜੀ ਨੇ ਬਚਪਨ ਤੋਂ ਲੈ ਕੇ ਦਮਦਮੀ ਟਕਸਾਲ ਦੇ ਵਿੱਚ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਤੋਂ ਧਾਰਮਿਕ ਵਿਦਿਆ ਦੀ ਪ੍ਰਾਪਤੀ ਕੀਤੀ ਅਤੇ 'ਲਿਖਾਰੀ' ਦੇ ਨਾਮ ਦੇ ਨਾਲ ਮਸ਼ਹੂਰ ਹੋਏ। ਜਦੋਂ ਗਿਆਨੀ ਪ੍ਰੀਤਮ ਸਿੰਘ ਜੀ ਧਾਰਮਿਕ ਪ੍ਰਚਾਰ ਲਈ ਵਿਦੇਸ਼ਾਂ ਵਿੱਚ ਆਏ, ਖਾਸ ਕਰਕੇ ਇੰਗਲੈਂਡ ਦੇ ਵਿੱਚ ਆਏ ਤਾਂ ਉਨ੍ਹਾਂ ਨੇ ਜਿੱਥੇ ਗੁਰਦੁਆਰਾ ਰਾਮਗੜ੍ਹੀਆ ਸਾਊਥਾਲ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੁਰੂ ਨਾਨਕ ਰੋਡ ਸਾਊਥਾਲ ਜਿਸ ਨੂੰ ਪਹਿਲਾਂ ਹੈਵਲਾਕ ਰੋਡ ਦੇ ਨਾਂ ਦੇ ਨਾਲ ਜਾਣਿਆ ਜਾਂਦਾ ਸੀ। ਗਿਆਨੀ ਜੀ ਨੂੰ ਸਿੱਖੀ ਲਈ ਧਰਮ ਦਾ ਪ੍ਰਚਾਰ ਕਰਨ ਦਾ ਬਹੁਤ ਸ਼ੌਕ ਸੀ। ਇਸੇ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਨੇ ਬੱਚਿਆਂ ਨੂੰ ਸੰਥਿਆ ਦਿੱਤੀ, ਗੱਤਕਾ ਦੀ ਸਿਖਲਾਈ ਦਿੱਤੀ ਅਤੇ ਸਿੱਖ ਜਥੇਬੰਦੀਆਂ ਦੇ ਨਾਲ ਰਲ ਕੇ ਖਾਲਸਾ ਪੰਥ ਦੇ ਸੰਘਰਸ਼ ਦੇ ਵਿੱਚ ਅਹਿਮ ਯੋਗਦਾਨ ਪਾਇਆ। ਧਾਰਮਿਕ ਤੌਰ 'ਤੇ ਉਹਨਾਂ ਨੇ ਇੰਗਲੈਂਡ ਅਤੇ ਯੂਰਪ ਦੇ ਵਿੱਚ ਅੰਮ੍ਰਿਤ ਸੰਚਾਰ ਲਹਿਰ ਨੂੰ ਬਹੁਤ ਵਧੀਆ ਤਰੀਕੇ ਦੇ ਨਾਲ ਨਿਭਾਇਆ। ਸੋ ਇਸੇ ਹੀ ਤਰ੍ਹਾਂ ਜਦੋਂ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਇੰਗਲੈਂਡ ਵਿੱਚ ਆਏ, ਉਨ੍ਹਾਂ ਨੇ ਜਥੇਬੰਦੀ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਬਣਾਈ ਤਾਂ ਗਿਆਨੀ ਜੀ ਨੇ ਸਿੰਘ ਸਾਹਿਬ ਦੇ ਨਾਲ ਰਹਿ ਕੇ ਬਹੁਤ ਸੇਵਾ ਕੀਤੀ। ਉਨ੍ਹਾਂ ਦੇ ਜਾਣ ਤੋਂ ਬਾਅਦ ਵੀ ਗਿਆਨੀ ਜੀ ਬਹੁਤ ਸਾਲ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦਾ ਸਲਾਨਾ ਪੈਨਲ ਅਨਾਉਂਸਮੈਂਟ ਕਰਦੇ ਰਹੇ ਅਤੇ ਜਦੋਂ ਵੀ ਕੋਈ ਧਾਰਮਿਕ ਤੌਰ 'ਤੇ ਅਤੇ ਜਾਂ ਜਥੇਬੰਦੀ ਦੇ ਸਿੰਘਾਂ ਦੇ ਵਿੱਚ ਕੋਈ ਗੱਲਬਾਤ ਹੋ ਜਾਣੀ ਤਾਂ ਉਸਦਾ ਧਾਰਮਿਕ ਤੌਰ 'ਤੇ ਨਿਬੇੜਾ ਵੀ ਕਰਦੇ ਰਹੇ। ਸੋ ਉਨ੍ਹਾਂ ਦੀਆਂ ਸੇਵਾਵਾਂ ਅਤੇ ਯੋਗਦਾਨ ਸਿੱਖ ਸੰਗਤਾਂ ਹਮੇਸ਼ਾ ਯਾਦ ਰੱਖਣਗੀਆਂ। ਅਸੀਂ ਗਿਆਨੀ ਜੀ ਨੂੰ ਸ਼ਰਧਾਂਜਲੀ ਭੇਂਟ ਕਰਦੇ ਹੋਏ ਅਕਾਲ ਪੁਰਖ ਵਾਹਿਗੁਰੂ ਅਗੇ ਅਰਦਾਸ ਕਰਦੇ ਹਾਂ ਪਰਮਾਤਮਾ ਉਹਨਾਂ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ, ਖਾਲਸਾ ਪੰਥ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



### ਗਿਆਨੀ ਪ੍ਰੀਤਮ ਸਿੰਘ ਜੀ (ਲਿਖਾਰੀ ਜਥਾ ਭਿੰਡਰਾਂ) ਜੀ ਨੂੰ

# ਸੇਜਲ ਅੱਖਾਂ ਨਾਲ ਪੂਰਨ ਗੁਰਮਰਿਆਦਾ ਅਨੁਸਾਰ ਅੰਤਿਮ ਵਿਦਾਇਗੀ

## ਵੱਖ-ਵੱਖ ਧਾਰਮਿਕ, ਸਿਆਸੀ ਤੇ ਪੰਥਕ ਜਥੇਬੰਦੀਆਂ ਵੱਲੋਂ ਸ਼ਰਧਾਂਜਲੀਆਂ ਭੇਂਟ • ਸੰਗਤਾਂ ਦਾ ਉਮੜਿਆ ਸੈਲਾਬ


















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਗਿਆਨੀ ਪ੍ਰੀਤਮ ਸਿੰਘ ਜੀ (ਲਿਖਾਰੀ ਜਥਾ ਭਿੰਡਰਾਂ) ਜੀ ਨੂੰ



# ਸੇਜਲਾ ਅੱਖਾਂ ਨਾਲ ਪੂਰਨ ਗੁਰਮਰਿਆਦਾ ਅਨੁਸਾਰ ਅੰਤਿਮ ਵਿਦਾਇਗੀ



## ਵੱਖ-ਵੱਖ ਧਾਰਮਿਕ, ਸਿਆਸੀ ਤੇ ਪੰਥਕ ਜਥੇਬੰਦੀਆਂ ਵੱਲੋਂ ਸ਼ਰਧਾਂਜਲੀਆਂ ਭੇਂਟ • ਸੰਗਤਾਂ ਦਾ ਉਮੜਿਆ ਸੈਲਾਬ















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



## ਗਿਆਨੀ ਪ੍ਰੀਤਮ ਸਿੰਘ ਜੀ (ਲਿਖਾਰੀ ਜਥਾ ਭਿੰਡਰਾਂ) ਜੀ ਨੂੰ

# ਸੇਜਲ ਅੱਖਾਂ ਨਾਲ ਪੂਰਨ ਗੁਰਮਰਿਆਦਾ ਅਨੁਸਾਰ ਅੰਤਿਮ ਵਿਦਾਇਗੀ

### ਵੱਖ-ਵੱਖ ਧਾਰਮਿਕ, ਸਿਆਸੀ ਤੇ ਪੰਥਕ ਜਥੇਬੰਦੀਆਂ ਵੱਲੋਂ ਸ਼ਰਧਾਂਜਲੀਆਂ ਭੇਟ • ਸੰਗਤਾਂ ਦਾ ਉਮੜਿਆ ਸੈਲਾਬ


























ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 25 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੨ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਰਿਪੋਰਟਿੰਗ ਕਰਨ ਵਾਲੀ

# ਆਸਟ੍ਰੇਲੀਅਨ ਪੱਤਰਕਾਰ ਨੂੰ 'ਭਾਰਤ ਨਿਕਾਲਾ'

**ਨਵੀਂ ਦਿੱਲੀ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਪੱਖੀ ਸਿੱਖ ਲੀਡਰ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਰਿਪੋਰਟਿੰਗ ਕਰਨ ਵਾਲੀ ਆਸਟ੍ਰੇਲੀਅਨ ਪੱਤਰਕਾਰ ਨੂੰ ਜ਼ਬਰਦਸਤੀ ਭਾਰਤ ਛੱਡਣਾ ਪਿਆ। ਉਸ ਨੇ ਇਲਜ਼ਾਮ



ਲਾਇਆ ਹੈ ਕਿ ਭਾਰਤ ਸਰਕਾਰ ਵੱਲੋਂ ਵੀਜ਼ਾ ਨਾ ਵਧਾਉਣ ਕਾਰਨ ਉਸ ਨੂੰ ਵਾਪਸ ਜਾਣਾ ਪਿਆ ਹੈ।ਆਸਟ੍ਰੇਲੀਅਨ ਬਰਾਡਕਾਸਟਿੰਗ ਕਾਰਪੋਰੇਸ਼ਨ (ਏਬੀਸੀ) ਦੀ ਦੱਖਣੀ ਏਸ਼ੀਆ ਬਿਊਰੋ ਦੀ ਮੁਖੀ ਅਵਨੀ ਡਾਇਸ ਨੇ ਇਹ ਦਾਅਵਾ ਆਪਣੇ ਸੋਸ਼ਲ ਮੀਡੀਆ ਪੇਜ਼ ਉਪਰ ਕੀਤਾ ਹੈ। ਦਰਅਸਲ ਆਸਟ੍ਰੇਲੀਅਨ ਪੱਤਰਕਾਰ ਨੇ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਵਰਕ ਵੀਜ਼ਾ ਦੀ ਮਿਆਦ ਵਧਾਏ ਜਾਣ ਤੋਂ ਇਨਕਾਰ ਕੀਤੇ ਜਾਣ ਮਗਰੋਂ ਉਸ ਨੂੰ ਭਾਰਤ ਛੱਡਣ ਲਈ ਮਜਬੂਰ ਹੋਣਾ ਪਿਆ। ਉਸ ਨੇ ਕਿਹਾ ਕਿ ਭਾਰਤ ਸਰਕਾਰ ਨੇ ਵਰਕ ਵੀਜ਼ਾ ਦੀ ਮਿਆਦ ਵਧਾਉਣ ਤੋਂ ਇਹ ਕਹਿੰਦਿਆਂ ਇਨਕਾਰ ਕਰ ਦਿੱਤਾ ਕਿ ਉਸ ਦੀਆਂ ਰਿਪੋਰਟਾਂ 'ਸੀਮਾਵਾਂ ਦੀ ਉਲੰਘਣਾ' ਹਨ। ਅਵਨੀ ਡਾਇਸ ਨੇ ਕਿਹਾ ਕਿ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਰਿਪੋਰਟਿੰਗ ਕਰਨ ਕਾਰਨ ਭਾਰਤ ਸਰਕਾਰ ਵੱਲੋਂ ਇਤਰਾਜ਼ ਜਤਾਏ ਜਾਣ ਮਗਰੋਂ ਲੋਕ ਸਭਾ ਚੋਣਾਂ ਵਾਲੇ ਦਿਨ 19 ਅਪਰੈਲ ਨੂੰ ਉਸ ਨੂੰ ਭਾਰਤ ਛੱਡਣਾ ਪਿਆ। ਡਾਇਸ ਨੇ 'ਐਕਸ' 'ਤੇ ਕਿਹਾ, "ਪਿਛਲੇ ਹਫ਼ਤੇ ਮੈਨੂੰ ਅਚਾਨਕ ਭਾਰਤ ਛੱਡਣਾ ਪਿਆ। ਮੋਦੀ ਸਰਕਾਰ ਨੇ ਇਹ ਕਹਿੰਦਿਆਂ ਮੇਰਾ ਵੀਜ਼ਾ ਵਧਾਉਣ ਤੋਂ ਇਨਕਾਰ ਕਰ ਦਿੱਤਾ ਕਿ ਮੇਰੀਆਂ ਰਿਪੋਰਟਾਂ 'ਸੀਮਾਵਾਂ ਦੀ ਉਲੰਘਣਾ' ਹਨ।" ਡਾਇਸ ਨੇ ਕਿਹਾ, "ਸਾਨੂੰ ਇਹ ਵੀ ਦੱਸਿਆ ਗਿਆ ਕਿ ਭਾਰਤੀ ਮੰਤਰਾਲੇ ਦੇ ਨਿਰਦੇਸ਼ ਕਾਰਨ ਮੈਨੂੰ ਚੋਣਾਂ ਸਬੰਧੀ ਰਿਪੋਰਟਿੰਗ ਕਰਨ ਦੀ ਮਾਨਤਾ ਵੀ ਨਹੀਂ ਮਿਲੇਗੀ। ਅਸੀਂ ਉਸ ਦੇਸ਼ ਦੀਆਂ ਚੋਣਾਂ ਤੋਂ ਇੱਕ ਦਿਨ ਪਹਿਲਾਂ ਨਿਕਲੇ ਜਿਸ ਨੂੰ ਪ੍ਰਧਾਨ ਮੰਤਰੀ ਮੋਦੀ 'ਲੋਕਤੰਤਰ ਦੀ ਮਾਂ' ਆਖਦੇ ਹਨ।" ਡਾਇਸ ਪਿਛਲੇ ਢਾਈ ਸਾਲ ਤੋਂ ਭਾਰਤ ਵਿੱਚ ਕੰਮ ਕਰ ਰਹੀ ਸੀ। ਉਸ ਨੇ ਦੱਸਿਆ ਕਿ ਆਸਟਰੇਲਿਆਈ ਸਰਕਾਰ ਦੇ ਦਖ਼ਲ ਮਗਰੋਂ ਉਸ ਦਾ ਵੀਜ਼ਾ ਦੋ ਮਹੀਨਿਆਂ ਲਈ ਵਧਾ ਦਿੱਤਾ ਗਿਆ ਜਦੋਂਕਿ ਇਸ ਦੀ ਜਾਣਕਾਰੀ ਉਸ ਨੂੰ ਉਡਾਣ ਤੋਂ 24 ਘੰਟੇ ਤੋਂ ਵੀ ਘੱਟ ਸਮਾਂ ਪਹਿਲਾਂ ਦਿੱਤੀ ਗਈ। ਆਸਟਰੇਲੀਅਨ ਬਰਾਡਕਾਸਟਿੰਗ ਕਾਰਪੋਰੇਸ਼ਨ ਨੇ ਦੱਸਿਆ ਕਿ ਵਿਦੇਸ਼ ਮੰਤਰਾਲੇ ਦੇ ਇੱਕ ਅਧਿਕਾਰੀ ਨੇ ਡਾਇਸ ਨੂੰ ਇਸ ਫ਼ੈਸਲੇ ਬਾਰੇ ਸੂਚਿਤ ਕੀਤਾ ਸੀ ਜਿਸ ਵਿੱਚ ਉਨ੍ਹਾਂ ਕਿਹਾ ਕਿ ਉਸ ਦੀਆਂ ਰਿਪੋਰਟਾਂ 'ਸੀਮਾਵਾਂ ਦੀ ਉਲੰਘਣ' ਸਨ। ਏਬੀਸੀ ਨੇ ਦੱਸਿਆ ਕਿ ਯੂਟਿਊਬ ਨੇ ਭਾਈ ਨਿੱਝਰ ਹੱਤਿਆਕਾਂਡ ਸਬੰਧੀ ਖ਼ਬਰਾਂ ਦੀ ਲੜੀ 'ਫਾਰੇਨ ਕੌਰਸਪੋਂਡੈਂਟ' ਦੇ ਇੱਕ ਐਪੀਸੋਡ ਦੀ ਭਾਰਤ ਵਿੱਚ ਪਹੁੰਚ 'ਤੇ ਰੋਕ ਵੀ ਲਾ ਦਿੱਤੀ ਗਈ। ਉਧਰ, ਸਰਕਾਰੀ ਸੂਤਰਾਂ ਦਾ ਕਹਿਣਾ ਹੈ ਕਿ ਆਸਟਰੇਲਿਆਈ ਪੱਤਰਕਾਰ ਵੱਲੋਂ ਲਾਏ ਗਏ ਦੋਸ਼ ਬੇਬੁਨਿਆਦ ਤੇ ਗੁਮਰਾਹਕੁੰਨ ਹਨ। ਸੂਤਰ ਦਾ ਕਹਿਣਾ ਹੈ ਕਿ ਡਾਇਸ ਨੇ ਵੀਜ਼ਾ ਫੀਸ 18 ਅਪਰੈਲ ਨੂੰ ਦਿੱਤੀ ਸੀ ਅਤੇ ਉਸੇ ਦਿਨ ਉਸ ਦਾ ਵੀਜ਼ਾ ਜੂਨ ਦੇ ਅਖ਼ੀਰ ਤੱਕ ਵਧਾ ਦਿੱਤਾ ਗਿਆ ਸੀ।

Exclusive News

## ਐਨਐਸਏ ਤਹਿਤ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਲੜਨਗੇ

ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਐਨ. ਐਸ਼.ਏ. ਦੇ ਦੋਸ਼ਾਂ 'ਚ ਡਿਬਰੂਗੜ੍ਹ ਜੇਲ 'ਚ ਬੰਦ ਭਾਈ ਅੰਮ੍ਰਿਤਪਾਲ



ਸਿੰਘ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨਗੇ। ਇਹ ਜਾਣਕਾਰੀ ਉਨ੍ਹਾਂ ਦੇ ਵਕੀਲ ਰਾਜਦੇਵ ਸਿੰਘ ਖਾਲਸਾ ਨੇ ਦਿੱਤੀ।ਭਾਈ ਅੰਮ੍ਰਿਤਪਾਲ ਸਿੰਘ ਦਾ ਜਨਮ 1993 ਵਿੱਚ ਅੰਮ੍ਰਿਤਸਰ ਦੇ ਪਿੰਡ ਜੱਲੂਪੁਰ ਖੇੜਾ ਵਿੱਚ ਹੋਇਆ।ਅਜੇ 12ਵੀਂ ਪਾਸ ਕਰਨ ਉਪਰੰਤ ਭਾਈ ਅੰਮ੍ਰਿਤਪਾਲ ਅਚਾਨਕ ਦੁਬਈ ਚਲੇ ਗਏ।ਉਥੇ ਉਹ ਟਰਾਂਸਪੋਰਟ ਦੇ ਕਾਰੋਬਾਰ ਨਾਲ ਜੁੜੇ। ਪੰਜਾਬੀ ਅਦਾਕਾਰ ਅਤੇ ਕਾਰਕੁਨ ਦੀਪ ਸਿੱਧੂ ਨੇ 30 ਸਤੰਬਰ 2021 ਨੂੰ ਸੰਸਥਾ ਵਾਰਿਸ ਪੰਜਾਬ ਦੇ ਦੀ ਸਥਾਪਨਾ ਕੀਤੀ ਸੀ। ਦੀਪ ਸਿੱਧੂ ਨੇ ਕਿਹਾ ਸੀ ਕਿ ਇਸ ਦਾ ਉਦੇਸ਼ ਨੌਜਵਾਨਾਂ ਨੂੰ ਸਿੱਖੀ ਦੇ ਮਾਰਗ 'ਤੇ ਲਿਆਉਣਾ ਅਤੇ ਪੰਜਾਬ ਨੂੰ ਜਗਾਉਣਾ ਹੈ।ਦੀਪ ਸਿੱਧੂ ਦਾ ਨਾਂ ਕਿਸਾਨ ਅੰਦੋਲਨ ਅਤੇ ਫਿਰ 26 ਜਨਵਰੀ 2021 ਨੂੰ ਲਾਲ ਕਿਲਾ ਹਿੰਸਾ ਮਾਮਲੇ ਵਿੱਚ ਆਇਆ ਸੀ। 15 ਫਰਵਰੀ 2022 ਨੂੰ ਦੀਪ ਸਿੱਧੂ ਦੀ ਦਿੱਲੀ ਤੋਂ ਪੰਜਾਬ ਪਰਤਦੇ ਸਮੇਂ ਸੋਨੀਪਤ ਨੇੜੇ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ, ਜਿਸ ਤੋਂ ਬਾਅਦ ਭਾਈ ਅੰਮ੍ਰਿਤਪਾਲ ਸਿੰਘ ਨੂੰ ਵਾਰਿਸ ਪੰਜਾਬ ਦੇ ਨਵੇਂ ਮੁਖੀ ਵਜੋਂ ਚੁਣਿਆ ਗਿਆ।

## ਮੰਚ 'ਤੇ ਭਾਸ਼ਣ ਦਿੰਦੇ ਸਮੇਂ ਬੇਹੋਸ਼ ਹੋ ਕੇ ਡਿੱਗੇ ਕੇਂਦਰੀ ਮੰਤਰੀ ਨਿਤਿਨ ਗਡਕਰੀ

**ਮੁੰਬਈ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਦੇ ਯਵਤਮਾਲ 'ਚ ਕੇਂਦਰੀ ਮੰਤਰੀ ਨਿਤਿਨ ਗਡਕਰੀ



ਭਾਸ਼ਣ ਦਿੰਦੇ ਸਮੇਂ ਮੰਚ 'ਤੇ ਅਚਾਨਕ ਡਿੱਗ ਗਏ। ਮੰਚ 'ਤੇ ਮੌਜੂਦ ਲੋਕ ਤੁਰੰਤ ਉਨ੍ਹਾਂ ਨੂੰ ਚੁੱਕ ਕੇ ਇਲਾਜ ਲਈ ਲੈ ਗਏ। ਗਡਕਰੀ ਯਵਤਮਾਲ ਦੇ ਪੁਸਦ 'ਚ ਇਕ ਚੋਣ ਸਭਾ ਨੂੰ ਸੰਬੋਧਨ ਕਰਨ ਪਹੁੰਚ ਹੋਏ ਸਨ। ਉਹ ਮੰਚ 'ਤੇ ਬੋਲ ਹੀ ਰਹੇ ਸਨ ਕਿ ਅਚਾਨਕ ਉਹ ਬੇਹੋਸ਼ ਹੋ ਕੇ ਡਿੱਗ ਪਏ, ਜਿਸ ਤੋਂ ਬਾਅਦ ਉਨ੍ਹਾਂ ਦੇ ਨੇੜੇ-ਤੇੜੇ ਮੌਜੂਦ ਲੋਕਾਂ ਨੇ ਉਨ੍ਹਾਂ ਨੂੰ ਸੰਭਾਲਿਆ ਅਤੇ ਤੁਰੰਤ ਇਲਾਜ ਲਈ ਲੈ ਗਏ। ਹਾਲਾਂਕਿ ਕੁਝ ਦੇਰ ਬਾਅਦ ਨਿਤਿਨ ਗਡਕਰੀ ਨੇ ਐਕਸ 'ਤੇ ਪੋਸਟ ਕਰ ਕੇ ਦੱਸਿਆ ਕਿ ਗਰਮੀ ਕਾਰਨ ਉਨ੍ਹਾਂ ਨੂੰ ਅਸਹਿਜ ਮਹਿਸੂਸ ਹੋਇਆ ਸੀ ਪਰ ਹੁਣ ਉਹ ਪੂਰੀ ਤਰ੍ਹਾਂ ਨਾਲ ਸਿਹਤਮੰਦ ਮਹਿਸੂਸ ਕਰ ਰਹੇ ਹਨ। ਕੇਂਦਰੀ ਸੜਕ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨਾਗਪੁਰ ਲੋਕ ਸਭਾ ਸੀਟ ਤੋਂ ਭਾਜਪਾ ਦੇ ਉਮੀਦਵਾਰ ਹਨ। ਨਾਗਪੁਰ ਸੀਟ 'ਤੇ ਪਹਿਲੇ ਪੜਾਅ 'ਚ ਵੋਟਿੰਗ ਹੋ ਚੁੱਕੀ ਹੈ। ਇੱਥੇ ਗਡਕਰੀ ਦਾ ਮੁਕਾਬਲਾ ਕਾਂਗਰਸ ਦੇ ਵਿਕਾਸ ਠਾਕਰੇ ਨਾਲ ਹੈ। ਨਿਤਿਨ ਇੱਥੋਂ ਤੀਜੀ ਵਾਰ ਚੋਣ ਲੜ ਰਹੇ ਹਨ। ਦੱਸਣਯੋਗ ਹੈ ਕਿ 2018 'ਚ ਵੀ ਮਹਾਰਾਸ਼ਟਰ ਦੇ ਅਹਿਮਦਨਗਰ 'ਚ ਇਕ ਪ੍ਰੋਗਰਾਮ ਦੌਰਾਨ ਨਿਤਿਨ ਗਡਕਰੀ ਮੰਚ 'ਤੇ ਬੇਹੋਸ਼ ਹੋ ਗਏ ਸਨ। ਇਸ ਦੌਰਾਨ ਮਹਾਰਾਸ਼ਟਰ ਦੇ ਸਾਬਕਾ ਰਾਜਪਾਲ ਵਿਦਿਆਸਾਗਰ ਰਾਵ ਉਨ੍ਹਾਂ ਨਾਲ ਮੌਜੂਦ ਸਨ। ਗਵਰਨਰ ਨੇ ਹੀ ਉਨ੍ਹਾਂ ਨੂੰ ਸਟੇਜ 'ਤੇ ਸੰਭਾਲਿਆ। ਉਦੋਂ ਦੱਸਿਆ ਗਿਆ ਸੀ ਕਿ ਸ਼ੂਗਰ ਲੈਵਲ ਘੱਟ ਹੋਣ ਕਾਰਨ ਗਡਕਰੀ ਨੂੰ ਚੱਕਰ ਆ ਗਏ। ਉਨ੍ਹਾਂ ਨੂੰ ਤੁਰੰਤ ਪਾਣੀ ਪਿਲਾਇਆ ਗਿਆ ਸੀ।

### ਲੋਕ ਸਭਾ ਚੋਣਾਂ

## ਬਠਿੰਡਾ 'ਚ ਮੁਕਾਬਲਾ ਦਿਲਚਸਪ ! ਆਹਮੋ-ਸਾਹਮਣੇ ਹੋਣਗੇ ਚਾਰ 'ਅਕਾਲੀ'

ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਮਾਲਵੇ 'ਚ ਬਠਿੰਡਾ ਲੋਕ ਸਭਾ ਸੀਟ









'ਤੇ ਕੱਲ੍ਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਟਿਕਟ ਦਾ ਐਲਾਨ ਕਰ ਹੀ ਦਿੱਤਾ, ਜਦੋਂਕਿ ਪਹਿਲਾਂ ਉਮੀਦਵਾਰਾਂ ਦੀਆਂ ਚਰਚਾਵਾਂ ਚੱਲ ਰਹੀਆਂ ਸਨ। ਹੁਣ ਬੀਬਾ ਬਾਦਲ ਦੇ ਮੈਦਾਨ 'ਚ ਆਉਣ ਤੋਂ ਬਾਅਦ ਜੋ ਤਸਵੀਰ ਸਾਹਮਣੇ ਆਈ ਹੈ, ਉਸ ਵਿਚ ਬਠਿੰਡੇ 'ਚ ਚੋਣ ਲੜ ਰਹੇ ਚਾਰੇ ਪਾਰਟੀਆਂ ਦੇ ਉਮੀਦਵਾਰਾਂ ਦਾ ਪਿਛੋਕੜ ਅਕਾਲੀ ਦਲ ਨਾਲ ਸਬੰਧਤ ਹੈ। ਜੇਕਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਦੀ ਗੱਲ ਕੀਤੀ ਜਾਵੇ ਤਾਂ ਉਨ੍ਹਾਂ ਦੇ ਪਿਤਾ ਸਵ. ਜਗਦੇਵ ਸਿੰਘ ਖੁੱਡੀਆਂ ਅਕਾਲੀ ਦਲ ਦੀ ਸਰਕਾਰ ਮੌਕੇ ਮੰਡੀ ਬੋਰਡ ਦੇ ਚੇਅਰਮੈਨ ਰਹੇ। ਇਸੇ ਤਰ੍ਹਾਂ ਕਾਂਗਰਸ ਦੇ ਉਮੀਦਵਾਰ ਜੀਤ ਮਹਿੰਦਰ ਸਿੰਘ ਦੀ ਗੱਲ ਕੀਤੀ ਜਾਵੇ ਤਾਂ ਉਹ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਸਾਬੋ ਕੀ ਤਲਵੰਡੀ ਤੋਂ ਚੋਣ ਲੜ ਚੁੱਕੇ ਹਨ। ਤੀਜਾ ਉਮੀਦਵਾਰ ਭਾਜਪਾ ਤੋਂ ਬੀਬਾ ਪਰਮਪਾਲ ਕੌਰ ਮਲੂਕਾ ਜੋ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਨੂੰਹ ਅਤੇ ਗੁਰਪ੍ਰੀਤ ਸਿੰਘ ਮਲੂਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਦੀ ਧਰਮ ਪਤਨੀ ਹਨ। ਇਸ ਤਰੀਕੇ ਨਾਲ ਬੀਬਾ ਬਾਦਲ ਨਾਲ ਚੋਣ ਮੈਦਾਨ 'ਚ ਦਸਤਪੰਜਾ ਲੈਣ ਵਾਸਤੇ ਉਤਰੇ ਕਾਂਗਰਸ, 'ਆਪ" ਅਤੇ ਭਾਜਪਾ ਦੇ ਉਮੀਦਵਾਰਾਂ ਦਾ ਅਕਾਲੀ ਦਲ ਨਾਲ ਪਿਛੋਕੜ ਕਿਸੇ ਤੋਂ ਲੁਕਿਆ ਨਹੀਂ ਹੈ।

## ਹੁਣ ਦਿਖਣ ਲੱਗਾ ਕੋਰੋਨਾ ਦਾ ਕਹਿਰ, ਕੋਰੋਨਾ ਪੀੜਤਾਂ 'ਤੇ ਐਲੋਪੇਸ਼ੀਆ ਦਾ ਅਟੈਕ

**ਵਾਸ਼ਿੰਗਟਨ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੋਰੋਨਾਵਾਇਰਸ ਨੇ ਸਿਹਤ ਨੂੰ ਕਈ ਤਰੀਕਿਆਂ ਨਾਲ




ਪ੍ਰਭਾਵਿਤ ਕੀਤਾ ਹੈ।ਅਧਿਐਨ ਦਰਸਾਉਂਦੇ ਹਨ ਕਿ ਭਾਵੇਂ ਤੁਹਾਡੇ ਲਾਗ ਦੇ ਦੌਰਾਨ ਹਲਕੇ-ਦਰਮਿਆਨੇ ਲੱਛਣ ਹੋਣ, ਫਿਰ ਵੀ ਤੁਹਾਨੂੰ ਲੰਬੇ ਸਮੇਂ ਦੇ ਮਾੜੇ ਪ੍ਰਭਾਵਾਂ ਦਾ ਖ਼ਤਰਾ ਹੋ ਸਕਦਾ ਹੈ। ਕੋਰੋਨਾ ਕਾਰਨ ਦਿਲ ਦੀਆਂ ਬੀਮਾਰੀਆਂ, ਫੇਫੜਿਆਂ ਦੀਆਂ ਬੀਮਾਰੀਆਂ ਦੇ ਨਾਲ-ਨਾਲ ਦਿਮਾਗ ਨਾਲ ਜੁੜੀਆਂ ਕਈ ਸਮੱਸਿਆਵਾਂ ਦੇਖਣ ਨੂੰ ਮਿਲੀਆਂ ਹਨ। ਕੋਰੋਨਾ ਦੇ ਮਾੜੇ ਪ੍ਰਭਾਵਾਂ ਬਾਰੇ ਜਾਮਾ ਡਰਮਾਟੋਲੋਜੀ ਵਿੱਚ ਪ੍ਰਕਾਸ਼ਿਤ ਇੱਕ ਅਧਿਐਨ ਦਰਸਾਉਂਦਾ ਹੈ ਕਿ ਜੋ ਲੋਕ ਲਾਗ ਦੇ ਸ਼ਿਕਾਰ ਹੋਏ ਹਨ, ਉਨ੍ਹਾਂ ਵਿੱਚ ਐਲੋਪੇਸ਼ੀਆ ਏਰੀਏਟਾ ਨਾਮਕ ਬਿਮਾਰੀ ਦਾ ਖ਼ਤਰਾ ਦੁੱਗਣਾ ਹੋ ਜਾਂਦਾ ਹੈ। ਇਸ 'ਚ ਸਿਰ ਅਤੇ ਦਾੜ੍ਹੀ 'ਤੇ ਵਾਲ ਝੜਨੇ ਸ਼ੁਰੂ ਹੋ ਜਾਂਦੇ ਹਨ। ਅੱਧਾ ਮਿਲੀਅਨ ਤੋਂ ਵੱਧ ਦੱਖਣੀ ਕੋਰੀਆ ਦੇ ਲੋਕਾਂ 'ਤੇ ਕੀਤੇ ਗਏ ਇੱਕ ਅਧਿਐਨ ਵਿੱਚ ਪਾਇਆ ਗਿਆ ਹੈ ਕਿ ਕੋਵਿਡ -19 ਤੋਂ ਬਾਅਦ ਐਲੋਪੇਸ਼ੀਆ ਏਰੀਆਟਾ ਦੇ ਕੇਸਾਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਵਾਲਾਂ ਦੇ ਝੜਨ ਦੀ ਇਸ ਸਮੱਸਿਆ ਨੂੰ ਸਵੈ-ਪ੍ਰਤੀਰੋਧਕ ਬਿਮਾਰੀ ਵਜੋਂ ਜਾਣਿਆ ਜਾਂਦਾ ਹੈ, ਜਿਸਦਾ ਜੋਖਮ ਕੋਵਿਡ -19 ਤੋਂ ਪੀੜਤ ਲੋਕਾਂ ਵਿੱਚ ਸੰਕਰਮਿਤ ਨਾ ਹੋਣ ਵਾਲਿਆਂ ਦੀ ਤੁਲਨਾ ਵਿੱਚ 82% ਵੱਧ ਦੇਖਿਆ ਜਾਂਦਾ ਹੈ। ਸਿਹਤ ਮਾਹਿਰਾਂ ਦਾ ਕਹਿਣਾ ਹੈ ਕਿ ਜੇਕਰ ਤੁਹਾਨੂੰ ਇਨਫੈਕਸ਼ਨ ਦੌਰਾਨ ਹਲਕੇ ਲੱਛਣ ਹੋਣ ਤਾਂ ਵੀ ਕੋਰੋਨਾ ਕਾਰਨ ਹੋਣ ਵਾਲੇ ਮਾੜੇ ਪ੍ਰਭਾਵਾਂ ਦਾ ਖਤਰਾ ਹੋ ਸਕਦਾ ਹੈ। ਖੋਜਕਰਤਾਵਾਂ ਨੇ ਕਿਹਾ ਕਿ ਐਲੋਪੇਸ਼ੀਆ ਏਰੀਟਾ ਵਾਤਾਵਰਣ ਦੇ ਕਾਰਕਾਂ ਜਿਵੇਂ ਕਿ ਵਾਇਰਸ, ਟੀਕੇ ਅਤੇ ਸੰਵੇਦਨਸ਼ੀਲ ਵਿਅਕਤੀਆਂ ਵਿੱਚ ਮਨੋਵਿਗਿਆਨਕ ਤਣਾਅ ਦੇ ਕਾਰਨ ਹੋ ਸਕਦਾ ਹੈ। ਰਿਪੋਰਟਾਂ ਕੋਵਿਡ-19 ਤੋਂ ਬਾਅਦ ਇਸ ਸਮੱਸਿਆ ਵਿੱਚ ਵਾਧਾ ਦੱਸ ਰਹੀਆਂ ਹਨ। ਸ਼ਿਕਾਗੋ ਸਕਿਨ ਕਲੀਨਿਕ ਦੇ ਚਮੜੀ ਦੇ ਮਾਹਰ ਡੈਨੀਲੋ ਡੇਲ ਕੈਮਪੋ ਨੇ ਅਧਿਐਨ ਦੇ ਨਤੀਜਿਆਂ ਨੂੰ ਹੈਰਾਨੀਜਨਕ ਦੱਸਿਆ। ਉਹ ਕਹਿੰਦੇ ਹਨਕਿ ਕੋਈ ਵੀ ਚੀਜ਼ ਜੋ ਇਮਿਊਨ ਸਿਸਟਮ ਨੂੰ ਉਤੇਜਿਤ ਕਰਦੀ ਹੈ, ਉਹ ਹੋਰ ਸਮੱਸਿਆਵਾਂ ਪੈਦਾ ਕਰ ਸਕਦੀ ਹੈ । ਐਲੋਪੇਸ਼ੀਆ ਏਰੀਆਟਾ ਇੱਕ ਮਜ਼ਬੂਤ ??ਇਮਿਊਨ ਪ੍ਰਤੀਕਿਰਿਆ ਦੇ ਨਤੀਜੇ ਵਜੋਂ ਹੁੰਦਾ ਹੈ। ਪਿਛਲੇ ਅਧਿਐਨਾਂ ਵਿੱਚ ਇਹ ਵੀ ਚਰਚਾ ਕੀਤੀ ਗਈ ਹੈ ਕਿ ਕੋਰੋਨਾਵਾਇਰਸ ਅਸਧਾਰਨ ਤੌਰ 'ਤੇ ਇਮਿਊਨ ਸਿਸਟਮ ਨੂੰ ਚਾਲੂ ਕਰਦਾ ਹੈ। ਖੋਜਕਰਤਾਵਾਂ ਨੇ ਕਿਹਾ, ਕੋਰੋਨਾ ਇਨਫੈਕਸ਼ਨ ਕਾਰਨ ਸਾਈਟੋਕਾਈਨਜ਼ ਦੀ ਮਾਤਰਾ ਵਧਦੀ ਵੇਖੀ ਗਈ ਹੈ, ਜਿਸ ਦੇ ਕਈ ਮਾੜੇ ਪ੍ਰਭਾਵ ਵੀ ਹੋ ਸਕਦੇ ਹਨ। ਸਾਈਟੋਕਾਈਨ ਪ੍ਰੋਟੀਨ ਦੀ ਇੱਕ ਕਿਸਮ ਹੈ ਜੋ ਹੋਰ ਇਮਿਊਨ ਸਿਸਟਮ ਸੈੱਲਾਂ ਅਤੇ ਖ਼ੂਨ ਦੇ ਸੈੱਲਾਂ ਦੇ ਵਿਕਾਸ ਅਤੇ ਗਤੀਵਿਧੀ ਨੂੰ ਨਿਯੰਤਰਿਤ ਕਰਨ ਵਿੱਚ ਮਹੱਤਵਪੂਰਨ ਹਨ। ਇਸ ਦੇ ਜ਼ਿਆਦਾ ਹੋਣ ਕਾਰਨ ਵਾਲਾਂ ਦੇ ਸੈੱਲ ਵੀ ਅਣਜਾਣੇ ਵਿੱਚ ਨਿਸ਼ਾਨਾ ਬਣ ਜਾਂਦੇ ਹਨ, ਜਿਸ ਨਾਲ ਵਾਲ ਝੜਨ ਅਤੇ ਪੈਚਾਂ ਵਿੱਚ ਟੁੱਟਣ ਦਾ ਕਾਰਨ ਬਣ ਸਕਦੇ ਹਨ। ਵਿਗਿਆਨੀਆਂ ਨੇ ਕਿਹਾ ਕਿ ਕੋਵਿਡ-19 ਅਤੇ ਵੱਖ-ਵੱਖ ਆਬਾਦੀਆਂ ਵਿਚਕਾਰ ਅਲੋਪੇਸ਼ੀਆ ਵਿਚਕਾਰ ਸਬੰਧਾਂ ਨੂੰ ਸਪੱਸ਼ਟ ਕਰਨ ਲਈ ਹੋਰ ਅਧਿਐਨ ਜ਼ਰੂਰੀ ਹਨ।

## ਪੰਜਾਬ ਦੇ ਇਸ ਵੱਡੇ ਆਈ. ਪੀ. ਐੱਸ. ਅਫਸਰ ਨੇ ਛੱਡੀ ਨੌਕਰੀ, ਕਿਹਾ 'ਪਿੰਜਰੇ 'ਚੋਂ ਆਜ਼ਾਦ ਹੋਇਆ'

**ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਸ ਦੇ ਸੀਨੀਅਰ



ਆਈ.ਪੀ.ਐੱਸ. ਅਧਿਕਾਰੀ (ਏ.ਡੀ. ਜੀ.ਪੀ. ਲਾ ਐਂਡ ਆਰਡਰ) ਗੁਰਿੰਦਰ ਸਿੰਘ ਢਿੱਲੋਂ ਨੇ ਨੌਕਰੀ ਛੱਡ ਦਿੱਤੀ ਹੈ। ਉਨ੍ਹਾਂ ਨੇ 30 ਸਾਲ ਦੀ ਨੌਕਰੀ ਤੋਂ ਬਾਅਦ ਵੀ. ਆਰ. ਐੱਸ. (ਸਵੈ-ਇੱਛੁਕ ਸੇਵਾਮੁਕਤੀ) ਲਈ ਹੈ। ਉਨ੍ਹਾਂ ਨੇ ਖੁਦ ਇਸ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਵੀ.ਆਰ.ਐੱਸ. ਲੈ ਕੇ ਉਹ ਖੁਦ ਨੂੰ ਪਿੰਜਰੇ ਤੋਂ ਆਜ਼ਾਦ ਮਹਿਸੂਸ ਕਰ ਰਹੇ ਹਨ।ਦੇਖਦੇ ਹਾਂ ਕਿਸਮਤ ਕਿੱਥੇ ਲੈ ਕੇ ਜਾਂਦੀ ਹੈ। ਗੁਰਿੰਦਰ ਸਿੰਘ ਢਿੱਲੋਂ 1997 ਬੈਚ ਦੇ ਆਈ. ਪੀ. ਐੱਸ. ਅਧਿਕਾਰੀ ਹਨ। ਅਜਿਹੇ ਵੀ ਚਰਚੇ ਹਨ ਕਿ ਢਿੱਲੋਂ ਕਿਸੇ ਸਿਆਸੀ ਪਾਰਟੀ ਵਿਚ ਸ਼ਾਮਲ ਹੋ ਸਕਦੇ ਹਨ। ਸੂਤਰਾਂ ਮੁਤਾਬਕ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਵੀ. ਆਰ.ਐੱਸ. ਲੈਣ ਲਈ ਜਿਹੜੀ ਫਾਈਲ ਪੰਜਾਬ ਸਰਕਾਰ ਨੂੰ ਭੇਜੀ ਗਈ ਸੀ, ਉਸ ਵਿਚ ਉਨ੍ਹਾਂ ਨੇ ਆਪਣੀ ਸਿਹਤ ਦਾ ਹਵਾਲਾ ਦਿੱਤਾ ਸੀ। ਇਹ ਵੀ ਪਤਾ ਲੱਗਾ ਹੈ ਕਿ ਢਿੱਲੋਂ ਨੇ ਇਸੇ ਸਾਲ ਮਈ ਵਿਚ ਰਿਟਾਇਰ ਹੋਣਾ ਸੀ।

## ਵਿਸ਼ਵ ਹਿੰਦੂ ਪ੍ਰੀਸ਼ਦ ਦੇ ਆਗੂ ਵਿਕਾਸ ਬੱਗਾ ਕਤਲ ਕਾਂਡ 'ਚ ਸ਼ਾਮਲ ਇਕ ਹੋਰ ਗੁਰਗਾ ਗ੍ਰਿਫ਼ਤਾਰ

**ਨੰਗਲ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਕ ਪਾਸੇ ਲਕਸ਼ਮੀ ਨਾਰਾਇਣ ਮੰਦਰ ਨੰਗਲ ਵਿਚ ਵਿਕਾਸ ਬੱਗਾ ਨੂੰ ਸਮਾਜ ਸੇਵੀ ਅਤੇ ਸਥਾਨਕ ਲੋਕਾਂ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਜਾ ਰਹੀਆਂ ਹਨ। ਦੂਜੇ ਪਾਸੇ ਗੱਲ ਕਰੀਏ ਤਾਂ ਸ਼ਰਧਾਂਜਲ ਵਾਲੀ ਥਾਂ ਤੋਂ ਮਹਿਜ਼ ਇਕ ਕਿਲੋਮੀਟਰ ਦੂਰ ਵਿਕਾਸ ਬੱਗਾ ਦੇ ਕਾਤਲ ਨੰਗਲ ਪੁਲਸ ਦੀ ਗ੍ਰਿਫ਼ਤ ਵਿਚ ਹਨ। ਜਿਨ੍ਹਾਂ ਨੂੰ ਬੀਤੇ ਦਿਨ ਡੀ.ਐੱਸ.ਪੀ. ਮਨਜੀਤ ਸਿੰਘ ਅਤੇ ਐੱਸ.ਐੱਚ.ਓ. ਹਰਦੀਪ ਸਿੰਘ ਦੀ ਅਗਵਾਈ 'ਚ ਭਾਰੀ ਪੁਲਸ ਫੋਰਸ ਨੇ ਨੰਗਲ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ, ਜਿੱਥੇ ਮਾਣਯੋਗ ਅਦਾਲਤ ਵੱਲੋਂ ਦੋਸ਼ੀਆਂ ਦਾ ਸੱਤ ਦਿਨ ਦਾ ਰਿਮਾਂਡ ਹੋਰ ਵਧਾ ਦਿੱਤਾ ਗਿਆ ਹੈ। ਪੱਤਰਕਾਰਾਂ ਨਾਲ ਗੱਲ ਕਰਦਿਆਂ ਡੀ. ਐੱਸ. ਪੀ. ਮਨਜੀਤ ਸਿੰਘ ਨੇ ਕਿਹਾ ਕਿ ਵਿਕਾਸ ਬੱਗਾ ਦੇ ਕਾਤਲਾਂ ਦੀ ਗੈਂਗ ਦਾ ਇਕ ਹੋਰ ਗੁਰਗਾ ਜਿਸ ਦਾ ਨਾਂ ਗੁਰਮੀਤ ਸਿੰਘ ਉਰਫ਼ ਗੁਰਾ ਹੈ, ਜੋਕਿ ਨਵਾਂਸ਼ਹਿਰ ਦੇ ਪਿੰਡ ਪੰਨੂ ਮਾਜਰਾ ਦਾ ਰਹਿਣ ਵਾਲਾ ਹੈ, ਨੂੰ ਵੀ 32 ਬੋਰ ਦੇ ਰਿਵਾਲਵਰ ਅਤੇ ਸੱਤ ਕਾਰਤੂਸਾਂ ਸਣੇ ਗ੍ਰਿਫ਼ਤਾਰ ਕੀਤਾ ਗਿਆ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243




ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment


# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ, ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ, ੋ ਹੋੜਾ, ੌ ਕਨੌੜਾ, ੰ ਟਿੱਪੀ, ਂ ਕੰਨਾ-ਬਿੰਦੀ

www.damdamitaksal.net


੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.

Boilers
Certificates
Gas Work
Cylinders
Maintenance Services
Gas Safety Inspections
Plumbing Work

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH
ੳ
A
अ

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਹਾਸਲ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿਚ ਮਦਦ ਲਈ ਖੇਤਰ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ ,ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਗੁਰੂ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਕੱਢ ਕੇ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪ੍ਰਤੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642




**ਚੇਤ** (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

● ਸੰਗਰਾਂਦ ● ਮੱਸਿਆ ● ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com


ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ ॥
ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ ॥
ਵੈਸਾਖ >>>>>> ਅੱਸੂ
ਪੰਜਾਬ
ਆਵਾਜ਼ਿ ਕੌਮ AWAZE QAUM
International Newspaper & WEB TV
ਖਾਲਸਾ ਸਾਜਨਾ ਦਿਵਸ
ਦੀਆਂ ਸਮੁੱਚੇ ਖਾਲਸਾ ਪੰਥ ਨੂੰ ਬੇਅੰਤ-ਬੇਅੰਤ
ਵਧਾਈਆਂ
ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ
ਵਿਦਿਆਰਥੀ ਦਮਦਮੀ ਟਕਸਾਲ
UK TOUR
APRIL to SEPTEMBER
+44 7438 568068
for more info: +919815858946


ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰੀਕਾ ਦੇ ਸਟੇਟ ਡਿਪਾਰਟਮੈਂਟ ਦੀ ਸਲਾਨਾ ਰਿਪੋਰਟ ਵਿਚ

# ਇੰਡੀਅਨ ਏਜੰਸੀਆਂ ਵਲੋਂ ਸਾਜਿਸੀ ਰਣਨੀਤੀ ਤਹਿਤ ਸਿੱਖਾਂ ਦੇ ਕਤਲ ਦਾ ਜ਼ਿਕਰ: ਮਾਨ



**ਨਵੀਂ ਦਿੱਲੀ, 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- "ਜਦੋਂ ਹੁਣ ਅਮਰੀਕਾ ਦੇ ਸਟੇਟ ਡਿਪਾਰਟਮੈਂਟ ਦੀ ਆਈ ਸਲਾਨਾ ਰਿਪੋਰਟ ਵਿਚ, ਇੰਡੀਅਨ ਏਜੰਸੀਆ ਆਈ.ਬੀ, ਰਾਅ, ਮਿਲਟਰੀ ਇੰਨਟੈਲੀਜੈਸ, ਸੁਰੱਖਿਆ ਸਲਾਹਕਾਰ ਸ੍ਰੀ ਡੋਵਾਲ, ਵਿਦੇਸ ਵਜੀਰ ਜੈਸੰਕਰ ਅਤੇ ਗ੍ਰਹਿ ਵਜੀਰ ਅਮਿਤ ਸ਼ਾਹ ਦੀ ਸਾਂਝੀ ਸਾਜਿਸੀ ਰਣਨੀਤੀ ਰਾਹੀ ਬਾਹਰਲੇ ਮੁਲਕਾਂ ਵਿਚ ਮਾਰੇ ਜਾ ਰਹੇ ਸਿੱਖਾਂ ਦੇ ਸੰਬੰਧ ਵਿਚ ਪ੍ਰਵਾਨ ਕਰ ਲਿਆ ਗਿਆ ਹੈ ਅਤੇ ਕੈਨੇਡਾ ਵਿਚ ਕਤਲ ਕੀਤੇ ਗਏ ਸ. ਹਰਦੀਪ ਸਿੰਘ ਨਿੱਝਰ ਦੇ ਸੱਚ ਨੂੰ ਇਸ ਰਿਪੋਰਟ ਵਿਚ ਦਰਜ ਕੀਤਾ ਗਿਆ ਹੈ ਤਾਂ ਹੁਣ ਇੰਡੀਅਨ ਹੁਕਮਰਾਨ ਆਪਣੇ ਵੱਲੋਂ ਅਮਰੀਕਨ ਸਿੱਖ ਨਾਗਰਿਕਾਂ ਜਾਂ ਕੈਨੇਡੀਅਨ ਸਿੱਖ ਨਾਗਰਿਕਾਂ ਨੂੰ ਨਿਸ਼ਾਨਾਂ ਬਣਾਉਣ ਉਤੇ ਕੌਮਾਂਤਰੀ ਪੱਧਰ ਉਤੇ ਅਤਿ ਸਰਮਿੰਦਗੀ ਅਤੇ ਨਮੋਸ਼ੀ ਤੋਂ ਨਹੀਂ ਬਚ ਸਕਣਗੇ। ਕਿਉਂਕਿ ਅਮਰੀਕਾ ਮੋਨਰੋ ਡੌਕਟਰੀਨ ਦੇ ਵਿਰੁੱਧ ਕੁਝ ਵੀ ਆਪਣੇ ਮੁਲਕ ਵਿਚ ਬਰਦਾਸਤ ਨਹੀ ਕਰਦਾ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਮਰੀਕਾ ਦੇ ਸਟੇਟ ਡਿਪਾਰਟਮੈਂਟ ਵੱਲੋ ਹੁਣੇ ਹੀ ਇੰਡੀਅਨ ਹੁਕਮਰਾਨਾਂ ਵੱਲੋ ਮਨੀਪੁਰ ਵਿਚ ਹੋਏ ਮਨੁੱਖਤਾ ਦੇ ਕਤਲੇਆਮ ਅਤੇ ਕੈਨੇਡਾ ਵਿਚ ਕਤਲ ਕੀਤੇ ਗਏ ਹਰਦੀਪ ਸਿੰਘ ਨਿੱਝਰ ਸੰਬੰਧੀ ਜਾਰੀ ਕੀਤੀ ਰਿਪੋਰਟ ਵਿਚ ਆਏ ਸੱਚ ਨੂੰ ਜਾਹਰ ਕਰਨ ਅਤੇ ਇੰਡੀਆਂ ਦੀ ਕਾਤਲ ਸਰਕਾਰ ਵੱਲੋ ਅਮਰੀਕਾ ਵਰਗੇ ਮੁਲਕ ਵਿਚ ਨਿਸ਼ਾਨਾਂ ਬਣਾਕੇ ਕਤਲ ਕਰਨ ਦੀਆਂ ਸਾਜਿਸਾਂ ਰਚਣ ਦਾ ਵੇਰਵਾ ਦਿੰਦੇ ਹੋਏ ਜਾਹਰ ਕੀਤੇ। ਉਨ੍ਹਾਂ ਕਿਹਾ ਕਿ 1941 ਵਿਚ ਜਪਾਨ ਨੇ ਅਮਰੀਕਾ ਉਤੇ ਹਮਲਾ ਕਰ ਦਿੱਤਾ ਸੀ। ਫਿਰ ਉਸਾਮਾ ਬਿਨ ਲਾਦੇਨ ਨੇ ਪੈਂਟਾਗਨ ਅਤੇ ਅਮਰੀਕਾ ਦੇ ਨਿਊਯਾਰਕ ਟਾਵਰ ਉਤੇ ਹਵਾਈ ਜਹਾਜ ਰਾਹੀ ਹਮਲਾ ਕਰ ਦਿੱਤਾ ਸੀ। ਇਸੇ ਤਰ੍ਹਾਂ ਅਮਰੀਕਾ ਦੇ ਸਿੱਖ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਵੀ ਇੰਡੀਆਂ ਨੇ ਮਾਰਨ ਦੀ ਸਾਜਿਸ ਰਚੀ ਸੀ। ਜਿਸ ਨੂੰ ਅਮਰੀਕਾ ਨੇ ਅਸਫਲ ਬਣਾ ਦਿੱਤਾ। ਅਜਿਹੇ ਆਪਣੇ ਮੁਲਕ ਦੀ ਪ੍ਰਭੂਸਤਾ ਨੂੰ ਚੁਣੌਤੀ ਦੇਣ ਵਾਲੇ ਕਿਸੇ ਤਰ੍ਹਾਂ ਦੇ ਹਮਲੇ ਨੂੰ ਅਮਰੀਕਾ ਕਤਈ ਬਰਦਾਸਤ ਨਹੀ ਕਰਦਾ। ਕਿਉਂਕਿ ਇਹ ਅਮਰੀਕਾ ਦੇ ਮੋਨਰੋ ਡੌਕਟਰੀਨ ਦੇ ਅਮਰੀਕਨ ਸਿਧਾਤਾਂ ਦੇ ਖਿਲਾਫ ਹੈ। ਇਥੇ ਇਹ ਵੀ ਵਰਣਨ ਕਰਨਾ ਜਰੂਰੀ ਹੈ ਕਿ ਜੋ ਸੰਸਾਰ ਪੱਧਰ ਦੇ ਰਿਫਊਜੀ ਨਿਯਮਾਂ ਅਨੁਸਾਰ ਜਦੋ ਕਿਸੇ ਮੁਲਕ ਦੇ ਨਾਗਰਿਕ ਦੂਸਰੇ ਮੁਲਕ ਵਿਚ ਪਨਾਹ ਲਈ ਜਾਂਦੇ ਹਨ, ਤਾਂ ਜੇਕਰ ਉਨ੍ਹਾਂ ਦੇ ਆਪਣੇ ਮੁਲਕ ਦੀ ਸਰਕਾਰ ਇਨ੍ਹਾਂ ਰਿਫਊਜੀਆ ਉਤੇ ਕਿਸੇ ਤਰ੍ਹਾਂ ਦਾ ਹਮਲਾ ਕਰਦੀ ਹੈ ਜਾਂ ਕਤਲ ਕਰਦੀ ਹੈ, ਉਹ ਕੌਮਾਂਤਰੀ ਨਿਯਮਾਂ ਕਾਨੂੰਨਾਂ ਦਾ ਹੀ ਉਲੰਘਣ ਨਹੀ। ਉਹ ਮਨੁੱਖੀ ਅਧਿਕਾਰਾਂ ਦਾ ਘਾਣ ਵੀ ਹੈ। ਜਿਸ ਨੂੰ ਅਮਰੀਕਾ ਵਰਗਾ ਮੁਲਕ ਤਾਂ ਕਦੀ ਵੀ ਸਹਿਣ ਨਹੀ ਕਰੇਗਾ। ਇਸ ਲਈ ਜਦੋ ਉਪਰੋਕਤ ਸ. ਹਰਦੀਪ ਸਿੰਘ ਨਿੱਝਰ ਦੇ ਸੰਬੰਧ ਵਿਚ ਅਮਰੀਕਾ ਨੇ ਵੀ ਸਬੂਤਾਂ ਸਹਿਤ ਆਪਣੀ ਰਿਪੋਰਟ ਵਿਚ ਪ੍ਰਤੱਖ ਕਰ ਦਿੱਤਾ ਹੈ ਅਤੇ ਸੰਸਾਰ ਸਾਹਮਣੇ ਸੱਚ ਆ ਚੁੱਕਾ ਹੈ, ਤਾਂ ਹੁਣ ਇੰਡੀਆਂ ਦੇ ਮੁਤੱਸਵੀ ਹੁਕਮਰਾਨਾਂ ਨੂੰ ਆਪਣੇ ਵੱਲੋ ਕੀਤੀ ਜਾ ਰਹੀ ਗੈਰ ਵਿਧਾਨਿਕ ਅਤੇ ਅੰਤਰਰਾਸਟਰੀ ਕਾਨੂੰਨਾਂ, ਨਿਯਮਾਂ ਦੇ ਇੰਡੀਆਂ ਵੱਲੋ ਹੋ ਰਹੇ ਉਲੰਘਣ ਤੋ ਤੋਬਾ ਕਰਕੇ ਜਮਹੂਰੀਅਤ ਅਤੇ ਅਮਨਮਈ ਕਦਰਾਂ ਕੀਮਤਾਂ ਨੂੰ ਮਜਬੂਤ ਕਰਨਾ ਪਵੇਗਾ। ਵਰਨਾ ਇੰਡੀਆਂ ਦੇ ਜਾਬਰ ਹੁਕਮਰਾਨਾਂ ਦੀ ਸਥਿਤੀ ਤੇ ਉਨ੍ਹਾਂ ਦਾ ਕਾਤਲ ਚੇਹਰਾ ਸੰਸਾਰ ਪੱਧਰ ਤੇ ਹੋਰ ਉਜਾਗਰ ਹੋਵੇਗਾ। ਜਿਸ ਲਈ ਇਹ ਹੁਕਮਰਾਨ ਆਪਣੇ ਆਪ ਨੂੰ ਸੰਸਾਰ ਪੱਧਰ ਤੇ ਜਮਹੂਰੀਅਤ ਪੱਖੀ ਜਾਂ ਅਮਨਮਈ ਪੱਖੀ ਨਹੀ ਕਹਾ ਸਕਣਗੇ। ਸ. ਮਾਨ ਨੇ ਅਮਰੀਕਾ ਦੀ ਹਕੂਮਤ ਅਤੇ ਉਨ੍ਹਾਂ ਦੇ ਸਟੇਟ ਡਿਪਾਰਟਮੈਟ ਵੱਲੋ ਮਨੁੱਖੀ ਅਧਿਕਾਰਾਂ ਦੀ ਰਾਖੀ ਸੰਬੰਧੀ ਕੀਤੇ ਜਾਣ ਵਾਲੇ ਅਮਲਾਂ ਅਤੇ ਇੰਡੀਅਨ ਹੁਕਮਰਾਨਾਂ ਵੱਲੋ ਦੂਸਰੇ ਮੁਲਕਾਂ ਵਿਚ ਸਾਜਸੀ ਢੰਗਾਂ ਰਾਹੀ ਦਖਲ ਦੇ ਕੇ ਉਥੋ ਦੇ ਸਿੱਖ ਨਾਗਰਿਕਾਂ ਨੂੰ ਕਤਲ ਕਰਨ ਵਿਰੁੱਧ ਲਏ ਗਏ ਸਟੈਂਡ ਦੀ ਜਿਥੇ ਸਲਾਘਾ ਕੀਤੀ, ਉਥੇ ਇਹ ਵੀ ਅਪੀਲ ਕੀਤੀ ਕਿ ਇੰਡੀਅਨ ਹੁਕਮਰਾਨਾਂ ਦੇ ਇਸ ਮਨੁੱਖਤਾ ਵਿਰੋਧੀ ਚੇਹਰੇ ਦੇ ਸੱਚ ਨੂੰ ਹੋਰ ਸਪੱਸਟ ਰੂਪ ਵਿਚ ਸਾਹਮਣੇ ਲਿਆਕੇ ਸਿੱਖਾਂ ਵਿਰੁੱਧ ਰਚੀਆ ਜਾ ਰਹੀਆ ਸਾਜਿਸਾਂ ਅਤੇ ਕਤਲੇਆਮ ਦਾ ਅੰਤ ਕਰਨ ਦੀ ਜਿੰਮੇਵਾਰੀ ਨਿਭਾਈ ਜਾਵੇ।

ਮੋਨਰੋ ਡੌਕਟਰੀਨ ਸਿਧਾਂਤ ਸੰਯੁਕਤ ਰਾਜ ਦੀ ਵਿਦੇਸ਼ ਨੀਤੀ ਦੀ ਸਥਿਤੀ ਹੈ ਜੋ ਪੱਛਮੀ ਗੋਲਿਸਫਾਇਰ ਵਿੱਚ ਯੂਰਪੀਅਨ ਬਸਤੀਵਾਦ ਦਾ ਵਿਰੋਧ ਕਰਦੀ ਹੈ। ਇਹ ਵਿਸ਼ਵਾਸ ਕਰਦਾ ਹੈ ਕਿ ਵਿਦੇਸ਼ੀ ਸ਼ਕਤੀਆਂ ਦੁਆਰਾ ਅਮਰੀਕੀ ਰਾਜਨੀਤਿਕ ਮਾਮਲਿਆਂ ਵਿੱਚ ਕੋਈ ਵੀ ਦਖਲਅੰਦਾਜ਼ੀ ਸੰਯੁਕਤ ਰਾਜ ਦੇ ਵਿਰੁੱਧ ਇੱਕ ਸੰਭਾਵੀ ਵਿਰੋਧੀ ਕਾਰਵਾਈ ਹੈ।

**ਅਮਰੀਕਾ ਮੁਲਕ 'ਮੋਨਰੋ ਡੌਕਟਰੀਨ' ਦੇ ਖਿਲਾਫ਼ ਬਿਲਕੁਲ ਕੋਈ ਅਮਲ ਬਰਦਾਸਤ ਨਹੀਂ ਕਰਦਾ**

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# "ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਕੋਚਿੰਗ ਸੈੱਲ" ਦੀ ਸ਼ੁਰੂਆਤ




**ਤਲਵੰਡੀ ਸਾਬੋ, 24 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਦੇ ਵਿਦਿਆਰਥੀਆਂ ਨੂੰ ਭਾਰਤ ਸਰਕਾਰ ਦੀਆਂ ਲੋਕ ਸੇਵਾ ਪ੍ਰੀਖਿਆਵਾਂ ਵਿੱਚ ਕਾਮਯਾਬੀ ਲਈ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਪ੍ਰੇਰਣਾ ਅਤੇ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਰਹਿ-ਨੁਮਾਈ ਹੇਠ ਮੁੱਖ ਮਹਿਮਾਨ ਡਾ. ਐਸ.ਐਸ.ਗਿੱਲ, ਅਮਰੀਕਾ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ "ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਕੋਚਿੰਗ ਸੈੱਲ" ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਦਾ ਰੁਜ਼ਗਾਰ ਲਈ ਵਿਦੇਸ਼ਾਂ ਵਿੱਚ ਹੋ ਰਹੇ ਪ੍ਰਵਾਸ ਨੂੰ ਠੱਲ ਪਾਉਣ ਅਤੇ ਉਨ੍ਹਾਂ ਨੂੰ ਭਾਰਤ ਵਿੱਚ ਉੱਚ ਪਦਵੀਆਂ ਤੇ ਨੌਕਰੀ ਹਾਸਲ ਕਰਨ ਵਾਸਤੇ ਆਯੋਜਿਤ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰਨ ਲਈ ਜੀ.ਕੇ.ਯੂ. ਵੱਲੋਂ ਇਸ ਸੈੱਲ ਦੀ ਸ਼ੁਰੂਆਤ ਕੀਤੀ ਗਈ ਹੈ। ਉਦਘਾਟਨ ਮੌਕੇ ਮੁੱਖ ਮਹਿਮਾਨ ਡਾ. ਗਿੱਲ ਨੇ ਜੀ.ਕੇ.ਯੂ. ਦੇ ਪ੍ਰਬੰਧਕਾਂ ਦੀ ਇਸ ਕਾਰਜ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਦੁਨੀਆ ਵਿੱਚ ਕੋਈ ਵੀ ਕਾਰਜ ਅਸੰਭਵ ਨਹੀਂ ਹੈ। ਬਸ਼ਰਤੇ ਕਿ ਉਸ ਕਾਰਜ ਲਈ ਸ੍ਰੋਤ ਪੈਦਾ ਕੀਤੇ ਜਾਣ ਤੇ ਮੰਜ਼ਿਲ ਹਾਸਲ ਕਰਨ ਵਾਸਤੇ ਤਹਿ ਦਿਲੋਂ ਯਤਨ ਕੀਤਾ ਜਾਵੇ। ਡਾ. ਬਾਵਾ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਇਸ ਪ੍ਰਤੀਯੋਗੀ ਪ੍ਰੀਖਿਆਵਾਂ ਕੋਚਿੰਗ ਸੈੱਲ ਦੇ ਹਰ ਬੈਚ ਵਿੱਚ 30 ਵਿਦਿਆਰਥੀ ਪ੍ਰਤੀਯੋਗੀ ਪ੍ਰੀਖਿਆ ਰਾਹੀਂ ਚੁਣੇ ਜਾਣਗੇ। ਹਰ ਬੈਚ ਛੇ ਮਹੀਨੇ ਦਾ ਹੋਵੇਗਾ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਲੋਕ ਸੇਵਾ ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਿਵੇਂ, ਕਦੋ ਅਤੇ ਕਿਸ ਤਰ੍ਹਾਂ ਕਰਨੀ ਹੈ, ਇਸ ਸਬੰਧੀ ਨੁਕਤੇ ਮਾਹਿਰਾਂ ਵੱਲੋਂ ਸੁਝਾਏ ਜਾਣਗੇ। ਇਹ ਸੈੱਲ ਹਰ ਤਰ੍ਹਾਂ ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਲਈ ਅਤਿ ਸਹਾਈ ਹੋਵੇਗਾ। ਆਪਣੇ ਧੰਨਵਾਦੀ ਭਾਸ਼ਣ ਵਿੱਚ ਡਾ. ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ ਨੇ ਕਿਹਾ ਕਿ ਪ੍ਰਤੀਯੋਗਿਤਾ ਦੇ ਇਸ ਯੁੱਗ ਵਿੱਚ ਵਿਦਿਆਰਥੀਆਂ ਤੋਂ ਉੱਤਮਤਾ ਦੀ ਉਮੀਦ ਕੀਤੀ ਜਾਂਦੀ ਹੈ। ਉਨ੍ਹਾਂ ਆਸ ਪ੍ਰਗਟ ਕਰਦਿਆਂ ਕਿਹਾ ਕਿ ਇਸ ਕੋਚਿੰਗ ਸੈੱਲ ਦੇ ਖੁੱਲ੍ਹਣ ਨਾਲ ਵਿਦਿਆਰਥੀ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਕੋਚਿੰਗ ਸਦਕਾ ਸਫਲਤਾ ਹਾਸਲ ਕਰਕੇ ਇਲਾਕੇ ਦਾ ਨਾਮ ਰੌਸ਼ਨ ਕਰਨਗੇ। ਉਦਘਾਟਨੀ ਸਮਾਰੋਹ ਵਿੱਚ ਸ਼ਹਿਰ ਦੇ ਪਤਵੰਤੇ ਸੱਜਣਾਂ, ਵੱਖ-ਵੱਖ ਵਿਭਾਗਾਂ ਦੇ ਡੀਨ ਅਤੇ ਸਟਾਫ ਨੇ ਸ਼ਿਰਕਤ ਕੀਤੀ।

# ਮੀਰੀ ਪੀਰੀ ਇੰਟਰਨੈਸ਼ਨਲ ਸਕੂਲ ਭਾਮ ਦੇ ਵਿਦਿਆਰਥੀਆਂ ਨੇ ਸੀ.ਐੱਸ. ਸੀ. ਓਲੰਪੀਅਡ ਦੇ ਵਿੱਦਿਅਕ ਮੁਕਾਬਲੇ ਵਿੱਚ ਮਾਰੀਆਂ ਮੱਲਾਂ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 24 ਅਪ੍ਰੈਲ (ਕੁਲਜੀਤ ਸਿੰਘ ਖੋਖਰ)**-ਸੀ.ਐੱਸ. ਸੀ. ਓਲੰਪੀਅਡ ਵੱਲੋਂ ਹਰ ਸਾਲ ਵੱਖ ਵੱਖ ਵਿਸ਼ਿਆਂ ਦੇ ਵਿੱਦਿਅਕ ਮੁਕਾਬਲੇ ਪੂਰੇ ਦੇਸ਼ ਪੱਧਰ ਤੇ ਕਰਵਾਏ ਜਾਂਦੇ ਹਨ। ਜਿਸ ਵਿੱਚ ਮੀਰੀ ਪੀਰੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੂਰੇ ਗੁਰਦਾਸਪੁਰ ਜਿਲ੍ਹੇ ਵਿੱਚੋਂ ਵਧੀਆ ਰੈਂਕ ਪ੍ਰਾਪਤ ਕੀਤੇ। ਇਹਨਾਂ ਮੁਕਾਬਲਿਆਂ ਵਿੱਚ ਏਕਮਪ੍ਰੀਤ ਕੌਰ ਕਲਾਸ ਚੌਥੀ ਨੇ ਹਿੰਦੀ ਵਿਸ਼ੇ ਵਿੱਚੋਂ ਪੂਰੇ ਗੁਰਦਾਸਪੁਰ ਜਿਲ੍ਹੇ ਵਿੱਚੋਂ ਪਹਿਲਾ ਰੈਂਕ ਅਤੇ ਅਨਮੋਲ ਸਿੰਘ ਕਲਾਸ ਪੰਜਵੀਂ ਵਲੋਂ ਗਣਿਤ ਵਿਸ਼ੇ ਵਿੱਚੋਂ ਪੂਰੇ ਗੁਰਦਾਸਪੁਰ ਜਿਲ੍ਹੇ ਵਿੱਚੋਂ ਪਹਿਲਾ ਰੈਂਕ ਸਥਾਨ ਪ੍ਰਾਪਤ ਕੀਤਾ। ਏਸੇ ਪ੍ਰਕਾਰ ਗਗਨਦੀਪ ਕੌਰ ਕਲਾਸ ਚੌਥੀ ਨੇ ਹਿੰਦੀ ਵਿਸ਼ੇ ਵਿੱਚੋਂ ਪੂਰੇ ਗੁਰਦਾਸਪੁਰ ਜਿਲ੍ਹੇ ਵਿੱਚੋਂ ਦੂਜਾ ਰੈਂਕ, ਪੁਨੀਤ ਕੌਰ ਕਲਾਸ ਚੌਥੀ ਨੇ ਹਿੰਦੀ ਵਿਸ਼ੇ ਵਿੱਚੋਂ ਤੀਜਾ, ਅਰਸ਼ਦੀਪ ਕੌਰ ਨੇ ਇੰਗਲਿਸ਼ ਵਿਸ਼ੇ ਵਿੱਚੋਂ ਗੁਰਦਾਸਪੁਰ ਜ਼ਿਲ੍ਹੇ ਵਿੱਚੋਂ ਚੌਥਾ ਰੈਂਕ ਪ੍ਰਾਪਤ ਕੀਤਾ, ਖੁਸ਼ਦੀਪ ਕੌਰ ਕਲਾਸ ਤੀਜੀ ਨੇ ਇੰਗਲਿਸ਼ ਵਿਸ਼ੇ ਵਿੱਚੋਂ ਪੰਜਵਾਂ ਰੈਂਕ ਪ੍ਰਾਪਤ ਕੀਤਾ। ਸਹਿਜਪ੍ਰੀਤ ਕੌਰ ਕਲਾਸ ਪੰਜਵੀਂ ਨੇ ਗਣਿਤ ਵਿਸ਼ੇ ਵਿੱਚੋਂ ਪੰਜਵਾਂ ਰੈਂਕ ਹਾਸਲ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਮੈਡਮ ਹਿਰਦੇਜੀਤ ਕੌਰ ਅਤੇ ਚੇਅਰਮੈਨ ਸਰ ਹਰਭੇਜ ਸਿੰਘ ਰਿਆੜ ਅਤੇ ਮੈਨੇਜਰ ਮੈਡਮ ਸਤਿੰਦਰ ਕੌਰ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ। ਮੈਡਮ ਹਿਰਦੇਜੀਤ ਕੌਰ ਨੇ ਬੱਚਿਆਂ ਦੀ ਇਸ ਕਾਰਗੁਜ਼ਾਰੀ ਲਈ ਬੱਚਿਆਂ ਤੇ ਉਹਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਹੋਰ ਵੀ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ।

# ਨਫਰਤ ਭਰੇ ਪ੍ਰਚਾਰ ਕਰਣ ਵਾਲੇ ਨਰਿੰਦਰ ਮੋਦੀ ਦੀ ਦਿੱਲੀ ਗੁਰਦਵਾਰਾ ਕਮੇਟੀ ਦੇ ਪ੍ਰਬੰਧਕਾਂ ਵਲੋਂ ਹਮਾਇਤ ਕਿਉਂ..? - ਬੀਬੀ ਰਣਜੀਤ ਕੌਰ



ਨਵੀਂ ਦਿੱਲੀ 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦੇਸ਼ ਦੇ ਪ੍ਰਧਾਨਮੰਤਰੀ ਨਰਿੰਦਰ ਮੋਦੀ ਵਲੋਂ ਇਕ ਧਰਮ ਦੇ ਲੋਕਾਂ ਖਿਲਾਫ ਦਿੱਤਾ ਗਿਆ ਨਫਰਤ ਭਰਿਆ ਬਿਆਨ ਉਨ੍ਹਾਂ ਦੇ ਓਹਦੇ ਮੁਤਾਬਿਕ ਨਹੀਂ ਹੈ ਅਤੇ ਦੇਸ਼ ਲਈ ਬਹੁਤ ਚਿੰਤਾ ਜਨਕ ਹੈ ਕਿ ਓਹ ਨਫਰਤ ਦੇ ਪ੍ਰਚਾਰ ਨਾਲ ਦੇਸ਼ ਦੀ ਸੱਤਾ ਮੁੜ ਸੰਭਾਲਣਾ ਚਾਹੁੰਦੇ ਹਨ। ਦਿੱਲੀ ਗੁਰਦਵਾਰਾ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਵਲੋਂ ਕੀਤੀ ਗਈ ਇਕ ਪ੍ਰੈਸ ਕਾਨਫਰੰਸ ਵਿਚ ਉਨ੍ਹਾਂ ਵਲੋਂ ਨਰਿੰਦਰ ਮੋਦੀ ਦੀ ਹਮਾਇਤ ਕਰਣ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਵਲੋਂ ਇਹ ਕਿਹਾ ਗਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਆਮ ਚੋਣਾਂ 'ਚ ਸਿੱਖਾਂ ਦੇ ਮਸਲੇ ਹੱਲ ਕਰਨ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਮਾਇਤ ਦਾ ਐਲਾਨ ਕਰੇਗੀ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਆਪਣੇ ਪ੍ਰੈਸ ਨੋਟ ਰਾਹੀਂ ਕਿਹਾ ਕਿ ਅਸੀ ਦਿੱਲੀ ਗੁਰਦਵਾਰਾ ਕਮੇਟੀ ਦੇ ਪ੍ਰਧਾਨ ਅਤੇ ਸਕੱਤਰ ਕੋਲੋਂ ਪੁੱਛਣਾ ਚਾਹੁੰਦੇ ਹਾਂ ਕਿ ਓਹ ਸਾਨੂੰ ਮੋਦੀ ਜਾਂ ਮੋਦੀ ਸਰਕਾਰ ਵਲੋਂ ਸਿੱਖਾਂ ਦਾ ਹੱਲ ਕਰਵਾਇਆ ਗਿਆ ਕੋਈ ਵੀਂ ਮਸਲਾ ਦੱਸ ਦੇਣ ਜੋ ਉਨ੍ਹਾਂ ਆਪਣੇ ਕਾਰਜਕਾਲ ਦੌਰਾਨ ਕੀਤਾ ਹੋਏ। ਬੰਦੀ ਸਿੰਘ ਜੋ ਕਿ ਪਿਛਲੇ ਤੀਹ - ਤੀਹ ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਹਨ ਉਹਨਾਂ ਨਾਲ ਪਿਛਲੇ ਲੰਮੇ ਸਮੇਂ ਤੋਂ ਬੇਇਨਸਾਫ਼ੀ ਹੋ ਰਹੀ ਹੈ ਤੁਹਾਡੀ ਸਰਕਾਰ ਨੇ ਉਹਨਾਂ ਨਾਲ ਕੋਈ ਵੀ ਇਨਸਾਫ਼ ਨਹੀਂ ਕੀਤਾ ਇਥੋਂ ਤਕ ਕੀ ਭਾਈ ਰਾਜੋਆਣਾ ਦੀ ਫਾਂਸੀ ਰੱਦ ਕਰਣ ਦਾ ਐਲਾਨ ਕਰਕੇ ਵੀਂ ਮੁਕਰ ਗਏ। ਦੇਸ਼ ਭਰ ਦੇ ਕਿਸਾਨ ਆਪਣੀਆਂ ਜਾਇਜ਼ ਮੰਗਾਂ ਲਈ ਅਵਾਜ਼ ਚੁੱਕ ਰਹੇ ਹਨ। ਤੁਹਾਡੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾ ਮੰਨਣ ਦੀ ਗੱਲ ਕਰਕੇ ਸਿੰਘੂ ਬਾਰਡਰ ਤੋਂ ਧਰਨਾ ਚੁਕਵਾਇਆ ਸੀ ਪਰ ਅਜ ਤਕ ਉਨ੍ਹਾਂ ਦਾ ਮਸਲਾ ਹੱਲ ਨਹੀਂ ਹੋਇਆ ਤੇ ਓਹ ਮੁੜ ਧਰਨੇ ਲਗਾ ਰਹੇ ਹਨ। ਅਦਾਲਤ ਵਲੋਂ ਦਿੱਲੀ ਕਮੇਟੀ ਨੂੰ ਸਕੂਲਾਂ ਦੀਆਂ ਤਨਖਾਵਾ ਮਾਮਲੇ 'ਚ ਝਾੜ ਪਾਉਂਦਿਆਂ ਖਰਚਿਆਂ ਤੇ ਰੋਕ ਲਗਾਈ ਗਈ ਸੀ ਬਾਵਜੂਦ ਆਪਣੇ ਆਕਾਵਾਂ ਨੂੰ ਚੋਣਾਂ ਵਿਚ ਲਾਭ ਦੇਣ ਲਈ ਫਤਹਿ ਦਿਵਸ ਦੇ ਨਾਮ ਤੋਂ ਵਾਹ ਵਾਹੀ ਖੱਟਣ ਲਈ ਅਦਾਲਤ ਦੇ ਆਦੇਸ਼ ਦੀਆਂ ਉਲੰਘਣਾ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬਾਦਲਕਿਆਂ ਨੇ ਆਰ ਐਸ ਐਸ ਦੇ ਹੱਥਠੋਕੇ ਬਣਕੇ

# ਸਿੱਖ ਪੰਥ ਦੀ ਪਿੱਠ 'ਚ ਸ਼ੁਰਾ ਮਾਰਿਆ





**ਅੰਮ੍ਰਿਤਸਰ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਉਮੀਦਵਾਰ ਸ੍ਰ ਈਮਾਨ ਸਿੰਘ ਜੀ ਮਾਨ ਹਲਕਾ ਮਜੀਠਾ ਦੇ ਪਿੰਡ ਕੋਟਲਾ ਗੁਜਰਾਂ ਵਿੱਚ ਸ੍ਰ ਕੁਲਵੰਤ ਸਿੰਘ ਜੀ ਮਜੀਠਾ ਪ੍ਰਧਾਨ ਹਲਕਾ ਮਜੀਠਾ ਦੇ ਗ੍ਰਹਿ ਵਿਖੇ ਰੱਖੀ ਗਈ ਮੀਟਿੰਗ ਦੌਰਾਨ ਪਿੰਡ ਵਾਸੀਆਂ ਦੇ ਰੂਬਰੂ ਹੋਏ ਇਸ ਮੌਕੇ ਤੇ ਸ੍ਰ ਭਾਈ ਅਮਰੀਕ ਸਿੰਘ ਜੀ ਨੰਗਲ ਜਥੇਬੰਧਕ ਸਕੱਤਰ ਮਾਝਾ ਜੋਨ, ਸ੍ਰ ਕੁਲਵੰਤ ਸਿੰਘ ਮਜੈਲ ਜਿਲਾ ਪ੍ਰਧਾਨ ਬਟਾਲਾ, ਸ੍ਰ ਬਲਵਿੰਦਰ ਸਿੰਘ ਜੀ ਕਾਲਾ, ਧੀਰ ਸਿੰਘ ਪ੍ਰਧਾਨ ਡੇਰਾ ਬਾਬਾ ਨਾਨਕ, ਸ੍ਰ ਬਲਦੇਵ ਸਿੰਘ ਨੰਗਲ, ਸ੍ਰ ਜਸਕਰਨ ਸਿੰਘ ਨੰਗਲ ਯੂਥ ਵਿੰਗ, ਪ੍ਰਧਾਨ ਸ੍ਰ ਦਵਿੰਦਰ ਸਿੰਘ ਭੁੱਲਰ, ਸ੍ਰ ਪਲਵਿੰਦਰ ਸਿੰਘ ਬਿੱਟੂ ਭੁੱਲਰ, ਸ੍ਰ ਅਮ੍ਰਿਤਪਾਲ ਸਿੰਘ, ਸ੍ਰ ਤਾਜਪ੍ਰੀਤ ਸਿੰਘ ਭੁੱਲਰ, ਸ੍ਰ ਪਲਵਿੰਦਰ ਸਿੰਘ, ਸ੍ਰ ਗੁਰਿੰਦਰ ਸਿੰਘ ਚੰਦ ਭੁੱਲਰ, ਬੀਬੀ ਕਿਰਨਜੀਤ ਕੌਰ, ਬੀਬੀ ਮਨਜੀਤ ਕੌਰ, ਬੀਬੀ ਜਗਦੀਸ਼ ਕੌਰ, ਬੀਬੀ ਅਮਰਜੀਤ ਕੌਰ, ਬੀਬੀ ਅਮਰੀਕ ਕੋਰ, ਸ੍ਰ ਹਰਜੀਤ ਸਿੰਘ ਭੁੱਲਰ, ਸ੍ਰ ਜਸਪਿੰਦਰ ਸਿੰਘ ਭੁੱਲਰ, ਸ੍ਰ ਭਪਿੰਦਰ ਸਿੰਘ ਭੁੱਲਰ, ਸ੍ਰ ਗੁਰਜੀਤ ਸਿੰਘ ਭੁੱਲਰ, ਡਾ: ਬਿਕਰਮਜੀਤ ਸਿੰਘ ਭੁੱਲਰ, ਬੀਬੀ ਸੁਰਜੀਤ ਕੌਰ, ਬੀਬੀ ਕੁਲਜੀਤ ਕੌਰ, ਬੀਬੀ ਰਾਜ ਕੌਰ, ਬੀਬੀ ਪਰਮਜੀਤ ਕੌਰ, ਬੀਬੀ ਸੁਖਦੇਵ ਕੌਰ, ਬੀਬੀ ਅਮਨਜੀਤ ਕੌਰ, ਬੀਬੀ ਰਾਜਬੀਰ ਕੌਰ, ਬੀਬੀ ਸਵਰਨ ਕੌਰ, ਬੀਬੀ ਚੈਨਲਾਂ ਰਾਣੀ, ਸ੍ਰ ਬਲਜੀਤ ਸਿੰਘ ਫੋਜੀ, ਬੀਬੀ ਕੁਲਵੰਤ ਕੌਰ, ਸ੍ਰ ਸੁਖਦੇਵ ਸਿੰਘ ਭੁੱਲਰ, ਸੁਬੇਗ ਸਿੰਘ ਭੁੱਲਰ, ਸ੍ਰ ਬਲਵਿੰਦਰ ਸਿੰਘ ਭੁੱਲਰ, ਸ੍ਰ ਇੰਦ੍ਰਜੀਤ ਸਿੰਘ, ਸ੍ਰ ਬਾਲਾ ਸਿੰਘ, ਸ੍ਰ ਹਰਦੇਵ ਸਿੰਘ ਪੱਪੂ, ਬਾਪੂ ਮੁਖਤਿਆਰ ਸਿੰਘ ਜੀ ਭੁੱਲਰ, ਸ੍ਰ ਹਰਪਾਲ ਸਿੰਘ ਫੋਜੀ, ਸ੍ਰ ਅਵਤਾਰ ਸਿੰਘ, ਸ੍ਰ ਬਲਦੇਵ ਸਿੰਘ, ਸ੍ਰ ਗੁਰਭੇਜ ਸਿੰਘ ਦੋਧੀ, ਸ੍ਰ ਕੁਲਵਿੰਦਰ ਸਿੰਘ ਪਟਵਾਰੀ, ਸ੍ਰ ਅਮ੍ਰਿਤਪਾਲ ਸਿੰਘ, ਸ੍ਰ ਸੰਤੋਖ ਸਿੰਘ ਭੁੱਲਰ ਅਤੇ ਕਾਲਾ ਸਿੰਘ ਲੰਬੜਦਾਰ ਹਾਜ਼ਰ ਸਨ ਅਤੇ ਸਾਰੇ ਹੀ ਪਿੰਡ ਵਾਸੀਆਂ ਨੇ ਕੌਮ ਦਾ ਦਰਦ ਰੱਖਣ ਵਾਲੇ ਤੇ ਲੰਮੇ ਸਮੇਂ ਤੋ ਸਿੱਖ ਹਿੱਤਾਂ ਦੀ ਲੜਾਈ ਲੜ ਰਹੇ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦੇ ਸਪੁੱਤਰ ਸ੍ਰ ਈਮਾਨ ਸਿੰਘ ਮਾਨ ਨੂੰ ਮਿਲਕੇ ਬਹੁਤ ਮਾਣ ਮਹਿਸੂਸ ਕੀਤਾ। ਇਸ ਮੌਕੇ ਤੇ ਸ੍ਰ ਈਮਾਨ ਸਿੰਘ ਮਾਨ ਨੇ ਬੋਲਦਿਆਂ ਹੋਇਆਂ ਕਿਹਾ ਕਿ ਅਕਾਲੀ ਦਲ ਬਾਦਲ ਸ਼ੁਰੂ ਤੋਂ ਹੀ ਪੰਥ ਵਿਰੋਧੀ ਤਾਕਤਾਂ ਨਾਲ ਮਿਲਕੇ ਸਿੱਖੀ ਦਾ ਘਾਣ ਕਰਦੇ ਆ ਰਹੇ ਅਤੇ ਬਾਦਲਕਿਆਂ ਨੇ ਆਰ ਐਸ ਐਸ ਦੇ ਹੱਥਠੋਕੇ ਬਣਕੇ ਸਿੱਖ ਪੰਥ ਦੀ ਪਿੱਠ ਚ' ਸ਼ੁਰਾ ਮਾਰਿਆ ਹੈ। ਉਹਨਾਂ ਕਿਹਾ ਕਿ ਇਹ ਸਾਡੇ ਘਰ ਦੇ ਭੇਤੀ ਹਨ ਜੋ ਸਾਨੂੰ, ਸਿੱਖ ਪੰਥ ਨੂੰ ਸਿਉਂਕ ਵਾਂਗ ਖਾਣ ਤੇ ਲੱਗੇ ਹੋਏ ਹਨ। ਉਹਨਾਂ ਸੁਖਬੀਰ ਬਾਦਲ ਵੱਲੋਂ ਕੱਟੜ ਆਰ ਐਸ ਐਸ ਦੇ ਬੰਦੇ ਅਨਿਲ ਜੋਸ਼ੀ ਨੂੰ ਟਿਕਟ ਦੇ ਕੇ ਅਕਾਲੀ ਦਲ ਦੇ ਨਾਮ ਨੂੰ ਵੱਡਾ ਧੱਬਾ ਲਗਾਕੇ ਰੱਖ ਦਿੱਤਾ ਹੈ। ਸ੍ਰ ਮਾਨ ਨੇ ਅਕਾਲੀ ਦਲ ਬਾਦਲ ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਜੇਕਰ ਸ੍ਰ ਸੁਖਬੀਰ ਸਿੰਘ ਬਾਦਲ ਦਾ ਵੱਸ ਚੱਲੇ ਤਾਂ ਅਨਿਲ ਜੋਸ਼ੀ ਨੂੰ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਬਣਾ ਦੇਣ ਪਰੰਤੂ ਬਹੁਤ ਵੱਡਾ ਮੁੱਦਾ ਪੰਥਕ ਵੋਟ ਦਾ ਆ ਜਾਂਦਾ ਹੈ ਜਿਸ ਕਰਕੇ ਇਹ ਸਾਡੇ ਭੇਖ ਚ' ਝੂਠੇ ਪੰਥਕ ਬਣਕੇ ਸਾਨੂੰ ਠੱਗਣ ਲਈ ਆਰ ਐਸ ਐਸ ਦੇ ਝੋਲੀ ਚੁੱਕ ਬਣੇ ਹੋਏ ਹਨ। ਜਿਸ ਕਰਕੇ ਇਹ ਵੇਲਾ ਹੈ ਇਹਨਾਂ ਦੀ ਪਹਿਚਾਣ ਕਰਨ ਦਾ, ਇਹਨਾਂ ਦੇ ਸਿੱਖ ਪੰਥ ਦੇ ਹਿੱਤਾਂ ਅਤੇ ਸਿੱਖ ਪੰਥ ਦੇ ਉਲਟ ਕੀਤੇ ਕੰਮਾਂ ਦੀ ਸਮੀਖਿਆ ਕਰਨ ਦਾ ਹੈ। ਇਸ ਮੌਕੇ ਸਮੁੱਚੇ ਪਿੰਡ ਵਾਸੀਆਂ ਵੱਲੋਂ ਸ੍ਰ ਈਮਾਨ ਸਿੰਘ ਮਾਨ ਨੂੰ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ ਅਤੇ ਪਿੰਡ ਵਾਸੀਆਂ ਨੇ ਵਿਸ਼ਵਾਸ ਦਵਾਇਆ ਕਿ ਉਹ ਹਰ ਹਾਲਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹੱਕ ਵਿੱਚ ਫ਼ਤਵਾ ਦੇਣਗੇ।

> **ਸੁਖਬੀਰ ਸਿੰਘ ਬਾਦਲ ਦਾ ਵੱਸ ਚੱਲੇ ਤਾਂ ਅਨਿਲ ਜੋਸ਼ੀ ਨੂੰ ਹੀ ਐਸ ਜੀ ਪੀ ਸੀ ਦਾ ਪ੍ਰਧਾਨ ਬਣਾਂ ਦੇਣ : ਈਮਾਨ ਸਿੰਘ ਮਾਨ**

### ਜੀਤਮਹਿੰਦਰ ਸਿੱਧੂ ਦੇ ਚੋਣ ਪ੍ਰਚਾਰ ਲਈ

# ਪਰਿਵਾਰਿਕ ਮੈਂਬਰਾਂ ਨੇ ਵੀ ਸੰਭਾਲੇ ਮੋਰਚੇ



**ਤਲਵੰਡੀ ਸਾਬੋ, 24 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਦੇ ਹੱਕ ਵਿੱਚ ਜਿੱਥੇ ਪਿਛਲੇ ਦਿਨਾਂ ਤੋਂ ਹਲਕੇ ਅੰਦਰ ਉਨਾਂ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ ਨੇ ਚੋਣ ਮੁਹਿੰਮ ਚਲਾਈ ਹੋਈ ਹੈ ਉੱਥੇ ਹੁਣ ਬਾਕੀ ਪਰਿਵਾਰਿਕ ਮੈਂਬਰਾਂ ਨੇ ਵੀ ਮੋਰਚੇ ਸੰਭਾਲਦਿਆਂ ਚੋਣ ਅਖਾੜੇ 'ਚ ਆਰ ਪਾਰ ਦੀ ਲੜਾਈ ਦਾ ਬਿਗੁਲ ਵਜਾ ਦਿੱਤਾ ਹੈ। ਇਸੇ ਕੜੀ ਤਹਿਤ ਜੀਤਮਹਿੰਦਰ ਸਿੰਘ ਸਿੱਧੂ ਦੇ ਧਰਮਪਤਨੀ ਬੀਬਾ ਨਿਮਰਤ ਕੌਰ ਸਿੱਧੂ, ਬੇਟੀ ਬੀਆ ਸਿੱਧੂ ਅਤੇ ਨੂੰਹ ਏਕਨੂਰ ਨੇ ਅੱਜ ਹਲਕੇ ਦੀ ਵਪਾਰਕ ਨਗਰੀ ਰਾਮਾਂ ਮੰਡੀ ਵਿਖੇ ਨੁੱਕੜ ਮੀਟਿੰਗਾਂ ਕੀਤੀਆਂ। ਅੱਜ ਰਾਮਾਂ ਮੰਡੀ ਵਿਖੇ ਲਖਵਿੰਦਰ ਸਿੰਘ ਲੱਖੀ ਦੇ ਗ੍ਰਹਿ ਵਿਖੇ ਪਹਿਲੀ ਨੁੱਕੜ ਮੀਟਿੰਗ ਦੌਰਾਨ ਬੀਬੀਆਂ ਨਾਲ ਮੁਲਾਕਾਤ ਕਰਦਿਆਂ ਬੀਬਾ ਨਿਮਰਤ ਕੌਰ ਸਿੱਧੂ ਅਤੇ ਪਰਿਵਾਰਿਕ ਮੈਂਬਰਾਂ ਨੇ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਹਲਕੇ ਦੀ ਸਿਆਸਤ 'ਚ ਪਿਛਲੇ 29 ਵਰ੍ਹਿਆਂ ਦੌਰਾਨ ਵਿਚਰਦੇ ਸਮੇਂ ਹਲਕੇ ਦੇ ਵਿਕਾਸ ਲਈ ਕੀਤੇ ਕਾਰਜਾਂ ਦੇ ਨਾਂ 'ਤੇ ਸਮਰਥਨ ਮੰਗਿਆ। ਪਰਿਵਾਰਿਕ ਮੈਂਬਰਾਂ ਨੇ ਕਿਹਾ ਕਿ ਪਿਛਲੇ 29 ਵਰ੍ਹਿਆਂ ਦੌਰਾਨ ਘੱਟੋ ਘੱਟ ਸਿੱਧੂ ਪਰਿਵਾਰ ਤੇ ਭ੍ਰਿਸ਼ਟਾਚਾਰ ਜਾਂ ਸਮਾਜ ਵਿਰੋਧੀ ਕਿਸੇ ਕੰਮ ਦਾ ਦਾਗ ਨਹੀ ਲੱਗਾ। ਉਨਾਂ ਕਿਹਾ ਕਿ ਰਾਮਾਂ ਮੰਡੀ ਸ਼ਹਿਰ ਦੇ ਵਿਕਾਸ ਵਿੱਚ ਵੀ ਜੀਤਮਹਿੰਦਰ ਸਿੰਘ ਸਿੱਧੂ ਦੀ ਭੂਮਿਕਾ ਨੂੰ ਨਕਾਰਿਆ ਨਹੀਂ ਜਾ ਸਕਦਾ। ਉਨਾਂ ਨੇ ਖਾਸ ਕਰਕੇ ਬੀਬੀਆਂ ਨੂੰ ਅਪੀਲ ਕੀਤੀ ਕਿ ਉਹਨਾਂ ਨੇ 'ਆਪ' ਸਰਕਾਰ ਨੂੰ ਅਜ਼ਮਾ ਕੇ ਦੇਖ ਲਿਆ ਪਰ ਉਨਾਂ ਨੇ ਲਾਰਿਆਂ ਤੋਂ ਸਿਵਾਏ ਬੀਬੀਆਂ ਨੂੰ ਕੁਝ ਨਹੀ ਦਿੱਤਾ ਪਰ ਕਾਂਗਰਸ ਸਰਕਾਰ ਬਨਣ ਤੇ ਬੀਬੀਆਂ ਦੇ ਆਤਮ ਸਨਮਾਨ ਲਈ ਵੱਡੇ ਕਾਰਜ ਕੀਤੇ ਜਾਣਗੇ ਇਸਲਈ ਕਾਂਗਰਸ ਦਾ ਹੱਥ ਮਜ਼ਬੂਤ ਕੀਤਾ ਜਾਵੇ। ਇਸ ਮੌਕੇ ਬੀਬੀ ਕਰਮਜੀਤ ਕੌਰ ਚੱਠਾ, ਬੀਬੀ ਮਹਿੰਦਰ ਕੌਰ, ਬੀਬੀ ਸੁਖਵਿੰਦਰ ਕੌਰ, ਬੀਬੀ ਸਿਮਰਨਜੀਤ ਕੌਰ, ਸ਼ਾਲੂ, ਧੰਨਾ ਸਿੰਘ, ਇਕਬਾਲ ਸਿੰਘ, ਸੀ.ਕਾਂਗਰਸੀ ਆਗੂ ਸੁਖਵੰਤ ਸਿੰਘ ਕਾਲਾ ਰਾਮਾਂ, ਸੁਖਬੀਰ ਸਿੰਘ ਚੱਠਾ, ਦਰਸ਼ਨ ਗਿੱਲ, ਕ੍ਰਿਸ਼ਨ ਯਾਦਵ ਆਦਿ ਮੌਜੂਦ ਰਹੇ।

# ਡੁਬੱਈ ਵਿੱਚ ਜਗਦੀਪ ਸਿੰਘ ਦੀ ਪੰਜਾਬੀਆਂ ਨੇ ਕੀਤੀ ਮਦਦ, ਹਰਜਿੰਦਰ ਸਿੰਘ ਜਲਾਲ ਉਸਮਾ



ਚੌਕ ਮਹਿਤਾ 24 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) ਚਾਰ ਮਹੀਨੇ ਪਹਿਲਾਂ ਗਿਆ ਰੋਜੀ ਰੋਟੀ ਕਮਾਉਣ ਲਈ ਜਗਦੀਪ ਸਿੰਘ ਸਪੁੱਤਰ ਮੇਜਰ ਸਿੰਘ ਪਿੰਡ ਸਰਲੀ ਜਿਲਾ ਤਰਨਤਾਰਨ ਪਰ ਡੁਬੱਈ ਵਿੱਚ ਜਾਂਦਿਆ ਹੀ ਜਗਦੀਪ ਸਿੰਘ ਦਾ ਇੱਕ ਬਹੁਤ ਭਿਆਨਕ ਐਕਸੀਡੈਂਟ ਹੋ ਗਿਆ। ਜਗਦੀਪ ਸਿੰਘ ਬਹੁਤ ਸੱਟਾ ਲਗੀਆਂ ਉਸ ਦੇ ਘਰ ਵਾਲੇ ਬਹੁਤ ਗਰੀਬ ਸਨ। ਪਰਿਵਾਰ ਨੇ ਮੀਡੀਆ ਵਾਲਿਆਂ ਤੱਕ ਪਾਹੁੰਚ ਕੀਤੀ। ਇਸ ਖਬਰ ਨੂੰ ਕੁਝ ਡੁਬੱਈ ਵਿੱਚ ਵਿੱਚ ਰਹਿੰਦੇ ਟਰਾਂਸਪੋਰਟਾ ਕਮਿਉਨਿਟੀ ਪੰਜਾਬੀਆਂ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੇ ਝੱਟ ਜਗਦੀਪ ਸਿੰਘ ਤੱਕ ਪਹੁੰਚ ਕੀਤੀ। ਪੰਜਾਬੀਆਂ ਨੇ ਹੋਸਪੀਟਲ ਅਤੇ ਏਅਰ ਲਾਇਨ ਸਾਰਾ ਖਰਚਾ ਕਰਕੇ ਜਗਦੀਪ ਸਿੰਘ ਨੂੰ ਉਸ ਦੇ ਘਰ ਪਾਹੁੰਚਿਆ ਗਿਆ। ਇਸ ਦੌਰਾਨ ਪਰਿਵਾਰ ਨੇ ਡੁਬੱਈ ਦੇ ਟਰਾਂਸਪੋਰਟਾ ਦਾ ਧੰਨਵਾਦ ਕੀਤਾ ਗਿਆ। ਇਸ ਦੌਰਾਨ ਆਕਾਸ਼ ਟਰਾਂਸਪੋਰਟ, ਏ, ਐਫ, ਐਸ, ਟਰਾਂਸਪੋਰਟ, ਸਤਵਿੰਦਰ ਟਰਾਂਸਪੋਰਟ, ਪੰਜਾਬ ਟਰਾਂਸਪੋਰਟ, ਦੀਪ ਟਰਾਂਸਪੋਰਟ, ਅਲ ਰਹਿਮਤ ਟਰਾਂਸਪੋਰਟ, ਅਲ ਮਾਝਾ ਟਰਾਂਸਪੋਰਟ, ਮੇਜਰ ਟਰਾਂਸਪੋਰਟ, ਜੀ, ਐਮ, ਕੇ ਟਰਾਂਸਪੋਰਟ, ਦਬੁੱਈ ਟਰਾਂਸਪੋਰਟ ਕਮਿਊਨਿਸਟ ਗਰੁੱਪ ਆਦਿ ਪੰਜਾਬੀਆਂ ਨੇ ਸੇਵਾ ਨਿਭਾਈ।

# ਅਕਾਲ ਯੂਨੀਵਰਸਿਟੀ ਦੇ ਜ਼ੂਆਲੋਜੀ ਅਤੇ ਮੈਡੀਕਲ ਸਾਇੰਸਜ਼ ਵਿਭਾਗ ਨੇ ਮਨਾਇਆ ਧਰਤੀ ਦਿਵਸ





ਤਲਵੰਡੀ ਸਾਬੋ, 24 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਜ਼ੂਆਲੋਜੀ ਅਤੇ ਮੈਡੀਕਲ ਸਾਇੰਸ ਵਿਭਾਗ ਨੇ ਪਲੈਨੇਟ ਬਨਾਮ ਪਲਾਸਟਿਕ ਥੀਮ ਦੇ ਨਾਲ ਧਰਤੀ ਦਿਵਸ ਮਨਾਉਣ ਲਈ "ਜੀਨੋਮਿਕਸ ਸਰੋਤ: ਜੈਵਿਕ ਵਿਭਿੰਨਤਾ ਸੰਭਾਲ ਲਈ ਜਾਣ-ਪਛਾਣ ਅਤੇ ਉਪਯੋਗਤਾ" ਸਿਰਲੇਖ ਅਧੀਨ ਇੱਕ ਵਿਸ਼ੇਸ਼ ਭਾਸ਼ਣ ਦਾ ਆਯੋਜਨ ਕੀਤਾ। ਮਹਿਮਾਨ ਬੁਲਾਰੇ ਡਾ. ਵਿਨੈ ਕੁਮਾਰ ਯਾਦਵ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਬੌਟਨੀ ਵਿਭਾਗ, ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਘੁੱਦਾ ਸਨ। ਸਮਾਗਮ ਦੇ ਕੋਆਰਡੀਨੇਟਰ ਡਾ. ਕੋਮਲਪ੍ਰੀਤ ਕੌਰ (ਐਚ.ਓ.ਡੀ., ਜ਼ੂਆਲੋਜੀ ਅਤੇ ਮੈਡੀਕਲ ਸਾਇੰਸ) ਡਾ. ਨੁਸਰਤ ਫਯਾਜ਼ ਭੱਟ ਅਤੇ ਸ੍ਰੀਮਤੀ ਸਿਮਰਜੀਤ ਕੌਰ ਸਨ। ਮਾਹਿਰ ਨੇ ਲੈਕਚਰ ਦੌਰਾਨ ਦੱਸਿਆ ਕਿ ਜੀਨੋਮਿਕਸ ਜਾਨਵਰਾਂ ਦੇ ਨਾਲ-ਨਾਲ ਪੌਦਿਆਂ ਦੀ ਵਿਭਿੰਨਤਾ ਨੂੰ ਬਚਾਉਣ ਵਿੱਚ ਕਿਵੇਂ ਮਦਦ ਕਰੇਗਾ। ਉਹਨਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਨੂੰ ਜੀਨੋਮਿਕਸ ਸਰੋਤਾਂ ਦੇ ਹਰ ਪਹਿਲੂ ਦੀ ਮਹੱਤਤਾ ਬਾਰੇ ਸਮਝਾਇਆ। ਦੂਜੇ ਸੈਸ਼ਨ ਵਿੱਚ ਵਿਦਿਆਰਥੀਆਂ ਨੇ ਕੂੜਾ ਪ੍ਰਬੰਧਨ ਅਤੇ ਪਲਾਸਟਿਕ ਦੀ ਮੁੜ ਵਰਤੋਂ ਨਾਲ ਸਬੰਧਤ ਆਪਣੇ ਮਾਡਲ ਪ੍ਰਦਰਸ਼ਿਤ ਕੀਤੇ। ਮਹਿਮਾਨ ਬੁਲਾਰੇ ਡਾ. ਵਿਨੈ ਕੁਮਾਰ ਯਾਦਵ ਨੂੰ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਜੀ. ਐਸ. ਲਾਂਬਾ, ਵੱਲੋਂ ਸਨਮਾਨਿਤ ਕੀਤਾ ਗਿਆ। ਬੋਟਨੀ, ਜ਼ੂਆਲੋਜੀ ਅਤੇ ਮੈਡੀਕਲ ਸਾਇੰਸਜ਼ ਵਿਭਾਗ ਦੇ ਸਾਰੇ ਫੈਕਲਟੀ ਮੈਂਬਰਾਂ ਨੇ ਇਸ ਮੌਕੇ ਹਾਜ਼ਰ ਰਹੇ। ਡਾ. ਕੋਮਲਪ੍ਰੀਤ ਕੌਰ ਨੇ ਅੰਤ ਵਿਚ ਮੰਚ ਤੋਂ ਸਭ ਦਾ ਧੰਨਵਾਦ ਕੀਤਾ।

## 72 ਘੰਟਿਆਂ ਵਿਚ ਖਰੀਦੀ ਕਣਕ ਦੀ ਲਿਫਟਿੰਗ 177 ਪ੍ਰਤੀਸ਼ਤ ਦਾ ਅੰਕੜਾ ਟੱਪੀ

### ਡੀ ਸੀ ਦੀ ਹਦਾਇਤਾਂ ਮਗਰੋਂ ਕਣਕ ਦੀ ਲਿਫਟਿੰਗ ਨਾਲੋ-ਨਾਲ ਹੋਣ ਲੱਗੀ

ਅੰਮ੍ਰਿਤਸਰ, 24 ਅਪ੍ਰੈਲ (ਕੁਲਵੰਤ ਸਿੰਘ ਵਿਰਦੀ ਮੈਂ)-ਕਣਕ ਦੀ ਖਰੀਦ ਦਾ ਸੀਜ਼ਨ ਸ਼ੁਰੂ ਹੋਣ ਦੇ ਨਾਲ ਹੀ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਵੱਲੋਂ ਮੰਡੀਆਂ ਦੇ ਦੌਰੇ ਅਤੇ ਖਰੀਦ ਦੇ ਕੰਮ ਵਿਚ ਲੱਗੇ ਅਧਿਕਾਰੀਆਂ, ਆੜਤੀਆਂ ਅਤੇ ਹੋਰ ਸਬੰਧਤ ਧਿਰਾਂ ਨਾਲ ਕੀਤੀਆਂ ਜਾ ਰਹੀਆਂ ਮੀਟਿੰਗਾਂ ਸਦਕਾ ਮੰਡੀਆਂ ਵਿਚ ਖਰੀਦ ਕੀਤੀ ਕਣਕ ਦੀ ਚੁਕਾਈ ਨਾਲੋ-ਨਾਲ ਹੋਣ ਲੱਗੀ ਹੈ। ਬੀਤੀ ਸ਼ਾਮ ਤੱਕ 72 ਘੰਟਿਆਂ ਵਿਚ ਖਰੀਦੀ ਕਣਕ ਦੀ ਲਿਫਟਿੰਗ ਦਾ ਔਸਤਨ ਅੰਕੜਾ 177 ਫੀਸਦੀ ਰਿਹਾ, ਜੋ ਕਿ ਇਕ ਰਿਕਾਰਡ ਹੈ। ਇੰਨਾ ਵਿਚੋਂ ਖ੍ਰੀਦ ਏਜੰਸੀ ਪਨਸਪ ਨੇ 290 ਫੀਸਦੀ, ਪਨਗਰੇਨ ਨੇ 176 ਫੀਸਦੀ, ਮਾਰਕਫੈਡ ਨੇ 174 ਫੀਸਦੀ ਅਤੇ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 72 ਘੰਟਿਆਂ ਵਿਚ ਖਰੀਦ ਕੀਤ ਕਣਕ ਦਾ 112 ਫੀਸਦੀ ਮੰਡੀਆਂ ਵਿਚ ਚੁੱਕਣ ਦਾ ਟੀਚਾ ਪ੍ਰਾਪਤ ਕੀਤਾ ਹੈ ਅੱਜ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਵੱਲੋਂ ਕਣਕ ਦੀ ਖਰੀਦ ਦਾ ਜਾਇਜ਼ਾ ਲੈਣ ਲਈ ਮਜੀਠਾ ਅਨਾਜ਼ ਮੰਡੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨਾਂ ਕਿਸਾਨਾਂ ਨਾਲ ਗੱਲਬਾਤ ਕਰਦੇ ਉਨਾਂ ਨੂੰ ਸੁੱਕੀ ਕਣਕ ਮੰਡੀਆਂ ਵਿਚ ਲਿਆਉਣ ਦੀ ਅਪੀਲ ਕਰਦੇ ਕਿਹਾ ਕਿ ਤੁਸੀਂ 12-14 ਫੀਸਦੀ ਨਮੀ ਤੱਕ ਕਣਕ ਮੰਡੀ ਵਿਚ ਲਿਆਓ ਤਾਂ ਅਸੀਂ 24 ਘੰਟਿਆਂ ਵਿਚ ਹੀ ਖਰੀਦ ਤੇ ਲਿਫਟਿੰਗ ਕਰ ਦਿਆਂਗੇ, ਜਿਸ ਨਾਲ ਕਿਸਾਨ ਅਤੇ ਆੜਤੀਏ ਦੋਵੇਂ ਧਿਰਾਂ ਨੂੰ ਫਾਇਦਾ ਰਹੇਗਾ। ਉਨਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਮੰਡੀਆਂ ਵਿਚ ਲੇਬਰ, ਬਾਰਦਾਨੇ, ਟੈਂਡਰ ਅਲਾਟਮੈਂਟ ਆਦਿ ਦੇ ਸਾਰੇ ਕੰਮ ਲੋੜ ਅਨੁਸਾਰ ਹੋ ਚੁੱਕੇ ਹਨ, ਸੋ ਕਿਸੇ ਨੂੰ ਕੋਈ ਸਮੱਸਿਆ ਨਹੀਂ ਆਵੇਗੀ। ਉਨਾਂ ਮੌਸਮ ਨੂੰ ਧਿਆਨ ਵਿਚ ਰੱਖਦੇ ਹੋਏ ਖਰੀਦ ਏਜੰਸੀਆਂ, ਮੰਡੀ ਅਧਿਕਾਰੀਆਂ ਤੇ ਆੜਤੀਆਂ ਨੂੰ ਤਰਪਾਲਾਂ ਆਦਿ ਦੇ ਪ੍ਰਬੰਧ ਕਰਨ ਦੀ ਹਦਾਇਤ ਵੀ ਕੀਤੀ। ਇਸ ਮੌਕੇ ਐਸ ਡੀ ਐਮ ਸ੍ਰੀਮਤੀ ਹਰਨੂਰ ਕੌਰ, ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਸਰਤਾਜ ਸਿੰਘ, ਜਿਲ੍ਹਾ ਮੰਡੀ ਅਫਸਰ ਸ. ਅਮਨਦੀਪ ਸਿੰਘ ਤੇ ਹੋਰ ਅਧਿਕਾਰੀ ਵੀ ਉਨਾਂ ਨਾਲ ਸਨ।



### ਪਿੰਡ ਚੈਨਪੁਰ ਨੇੜੇ ਕਰੰਟ ਲੱਗਣ ਕਰਕੇ

# ਕੰਬਾਈਨ ਚਾਲਕ ਫੋਰਮੈਨ ਦੀ ਦਰਦਨਾਕ ਮੌਤ





**ਅੰਮ੍ਰਿਤਸਰ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਿੰਡ ਚੈਨਪੁਰ ਨੇੜੇ ਕਣਕ ਕੱਟਣ ਲਈ ਸੰਗਰੂਰ ਤੋਂ ਆਏ ਕੰਬਾਈਨ ਚਾਲਕ ਫੋਰਮੈਨ ਕਾਲਾ ਸਿੰਘ (45), ਵਾਸੀ ਸੇਰੋਂ, ਜ਼ਿਲ੍ਹਾ ਸੰਗਰੂਰ ਦੀ ਦਰਦਨਾਕ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਕੰਬਾਈਨ ਚਾਲਕ ਪਿੰਡ ਚੈਨਪੁਰ ਦੇ ਕਿਸਾਨ ਆਗੂ ਸਾਹਬ ਸਿੰਘ ਦੀ ਕਣਕ ਕੱਟਣ ਵਾਸਤੇ ਆਇਆ ਸੀ, ਜਦ ਉਹ ਪਿੰਡ ਚੈਨਪੁਰ ਦੀ ਨਵੀਂ ਬਣੀ ਪੁਲੀ ਨੇੜੇ ਕਿਸੇ ਹੋਰ ਵਾਹਨ ਨੂੰ ਰਸਤਾ ਦੇਣ ਦੀ ਕੋਸ਼ਿਸ਼ ਕਰ ਰਿਹਾ ਸੀ ਤਾਂ ਉਸਦੀ ਕੰਬਾਈਨ ਬਿਜਲੀ ਦੀਆਂ ਨੀਵੀਆਂ ਤਾਰਾਂ ਨਾਲ ਖਹਿ ਗਈ, ਜਿਸ ਦੇ ਸਿੱਟੇ ਵਜੋਂ ਚਾਲਕ ਦੀ ਘਟਨਾ ਸਥਾਨ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੋ ਧੀਆਂ ਅਤੇ ਇੱਕ ਨਾਬਾਲਗ ਧੀ ਦਾ ਬਾਪ ਸੀ। ਇਸ ਮੌਕੇ 'ਤੇ ਪਿੰਡ ਚੈਨਪੁਰ ਦੇ ਦੋ ਕਿਸਾਨਾਂ ਮੁਖਤਾਰ ਸਿੰਘ ਪੁੱਤਰ ਗੁਰਮੁੱਖ ਸਿੰਘ ਅਤੇ ਬਚਿੱਤਰ ਸਿੰਘ ਪੁੱਤਰ ਜਗਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਪਾਵਰਕਾਮ ਦੇ ਐੱਸ.ਡੀ.ਓ. ਚੋਗਾਵਾਂ ਨੂੰ 4 ਅਪ੍ਰੈਲ 2024 ਨੂੰ ਦਰਖਾਸਤਾਂ ਦੇ ਕੇ ਬਿਜਲੀ ਦੀਆਂ ਨੀਵੀਆਂ ਤਾਰਾਂ ਉੱਚੀਆਂ ਕਰਨ ਦੀ ਮੰਗ ਕੀਤੀ ਸੀ ਪਰ ਪਾਵਰਕਾਮ ਨੇ ਇਸਦੀ ਕੋਈ ਪਰਵਾਹ ਨਹੀਂ ਕੀਤੀ, ਜਿਸ ਕਰਕੇ ਅੱਜ ਇਹ ਦੁਖਦਾਈ ਘਟਨਾ ਵਾਪਰ ਗਈ। ਘਟਨਾ ਸਥਾਨ 'ਤੇ ਪਹੁੰਚੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਸਕੱਤਰ ਸਿੰਘ ਕੋਟਲਾ, ਅਵਤਾਰ ਬਾਵਾ, ਕਾਬਲ ਸਿੰਘ ਖਿਆਲਾ, ਕਸ਼ਮੀਰ ਸਿੰਘ ਖਿਆਲਾ, ਗੁਰਵੇਲ ਸਿੰਘ ਧੌਲ ਕਲਾਂ, ਤਰਸੇਮ ਸਿੰਘ ਧੌਲ ਕਲਾਂ, ਕੁਲਦੀਪ ਸਿੰਘ ਖਿਆਲਾ, ਬਚਿੱਤਰ ਸਿੰਘ ਚੈਨਪੁਰ, ਸਰਪੰਚ ਅਜੀਤ ਸਿੰਘ ਚੈਨਪੁਰ, ਰੇਸ਼ਮ ਸਿੰਘ ਨੰਬਰਦਾਰ ਆਦਿ ਨੇ ਇਸ ਘਟਨਾ ਲਈ ਪਾਵਰਕਾਮ ਮਹਿਕਮੇ ਨੂੰ ਜਿੰਮੇਵਾਰ ਠਹਿਰਾਉਂਦੇ ਹੋਏ ਐੱਸ.ਡੀ.ਓ. ਅਤੇ ਜੇ.ਈ.ਦੇ ਖਿਲਾਫ਼ ਜੋਰਦਾਰ ਨਾਅਰੇਬਾਜੀ ਕਰਦੇ ਹੋਏ ਉਨ੍ਹਾਂ ਵਿਰੁੱਧ ਪਰਚਾ ਦਰਜ ਕਰਨ ਦੀ ਮੰਗ ਕੀਤੀ। ਕਿਸਾਨ ਆਗੂ ਅਵਤਾਰ ਬਾਵਾ ਨੇ ਕਿਹਾ ਕਿ ਉਨ੍ਹਾਂ ਨੇ ਦੋ ਘੰਟੇ ਪਹਿਲਾਂ ਪਾਵਰਕਾਮ ਮਹਿਕਮੇ ਨੂੰ ਇਸ ਘਟਨਾ ਪ੍ਰਤੀ ਜਾਣੂ ਕਰਵਾ ਦਿੱਤਾ ਸੀ ਪਰ ਇਸਦੇ ਬਾਵਜੂਦ ਕੋਈ ਵੀ ਅਧਿਕਾਰੀ ਮੌਕਾ ਵੇਖਣ ਲਈ ਨਹੀਂ ਆਇਆ।

**ਮ੍ਰਿਤਕ ਸੰਗਰੂਰ ਤੋਂ ਅੰਮ੍ਰਿਤਸਰ ਆਇਆ ਸੀ ਕਣਕ ਦੀ ਕਟਾਈ ਕਰਨ**

ਆਵਾਜ਼ਿ ਕੌਮ AWAZE QAUM International Newspaper & WEB TV

### ਨਾਟਕ "ਰਾਹਾਂ ਵਿੱਚ ਅੰਗਿਆਰ ਬੜੇ ਸੀ" ਦੀ

# ਪੇਸ਼ਕਾਰੀ ਨੇ ਦਰਸ਼ਕਾਂ ਨੂੰ ਭਾਵੁਕ ਕੀਤਾ



**ਚੌਕ ਮਹਿਤਾ, 24 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਲੇਖਕਾਂ ਦੀ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਪੰਜਾਬ ਨਾਟਸ਼ਾਲਾ ਵਿਖੇ ਸੁਖਵਿੰਦਰ ਅਮ੍ਰਿਤ ਦੇ ਜੀਵਨ ਤੇ ਅਧਾਰਿਤ ਨਾਟਕ "ਰਾਹਾਂ ਵਿੱਚ ਅੰਗਿਆਰ ਬੜੇ ਸੀ" ਕਰਵਾਇਆ ਗਿਆ।ਰਾਜਵਿੰਦਰ ਸਮਰਾਲਾ ਦਾ ਲਿਖਿਆ ਅਤੇ ਅਕਸ ਰੰਗ ਮੰਚ ਸਮਰਾਲਾ ਦੀ ਇਸ ਨਿਵੇਕਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਝੰਜੋੜਿਆ। ਕਰੀਬ ਇਕ ਘੰਟਾ ਚਾਲੀ ਮਿੰਟ ਚੱਲੇ ਇਸ ਇਕ ਪਾਤਰੀ ਨਾਟਕ ਵਿੱਚ ਰੰਗ-ਮੰਚ ਅਦਾਕਾਰਾ ਨੂਰ ਕਮਲ ਵਲੋਂ ਨਿਭਾਈ ਭੂਮਿਕਾ ਨੂੰ ਦਰਸ਼ਕ ਸਾਹ ਰੋਕ ਕੇ ਵੇਖਦੇ ਰਹੇ ਅਤੇ ਵਾਰ ਵਾਰ ਅੱਖਾਂ ਪੂੰਝਦੇ ਰਹੇ। ਨਾਟਕ ਦੀ ਕਹਾਣੀ ਦਾ ਜ਼ਿਕਰ ਕਰਦਿਆਂ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਇਕਵੀਂ ਸਦੀ ਦੀ ਚਕਾਚੌਂਧ ਜੀਵਨ ਸ਼ੈਲੀ ਤੋਂ ਬਿਲਕੁਲ ਵਖਰੀ ਉਸ ਔਰਤ ਦੀ ਕਹਾਣੀ ਹੈ ਜਿਹੜੀ ਪਰਿਵਾਰਕ, ਸਮਾਜਿਕ ਅਤੇ ਆਰਥਿਕ ਤੌਰ ਦੀਆਂ ਕਈ ਦੁਸ਼ਵਾਰੀਆਂ ਦਾ ਸਾਹਮਣਾ ਕਰਦਿਆਂ ਕਿਤੇ ਵੀ ਟੁੱਟਦੀ ਖਿਲਰਦੀ ਨਹੀਂ ਬਲਕਿ ਸੰਘਰਸ਼ ਕਰਦੀ ਹੈ।ਨਾਟਕ ਵੇਖਣ ਲਈ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਕੇਂਦਰੀ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਡੀਆਂ ਸੰਸਥਾਵਾਂ ਨੂੰ ਪੰਜਾਬੀ ਰੰਗਮੰਚ ਨੂੰ ਉਤਸ਼ਾਹਿਤ ਕਰਨ ਲਈ ਕੇਂਦਰੀ ਸਭਾ ਵਾਂਗ ਸਾਰਥਿਕ ਉਪਰਾਲੇ ਕਰਨੇ ਚਾਹੀਦੇ ਹਨ ।ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸਮਾਗਮ ਕਨਵੀਨਰ ਦੀਪ ਦੇਵਿੰਦਰ ਸਿੰਘ, ਕੋ ਕਨਵੀਨਰ ਸ਼ੇਲਿੰਦਰਜੀਤ ਰਾਜਨ, ਰੰਗਕਰਮੀ ਅਤੇ ਫਿਲਮੀ ਕਲਾਕਾਰ ਜੋੜੀ ਹਰਦੀਪ ਗਿੱਲ-ਅਨੀਤਾ ਦੇਵਗਨ, ਕਮਲ ਦੁਸਾਂਝ, ਹਰਜੀਤ ਸਿੰਘ ਸੰਧੂ, ਵਜ਼ੀਰ ਸਿੰਘ ਰੰਧਾਵਾ ,ਪ੍ਰਤੀਕ ਸਹਿਦੇਵ ਅਤੇ ਮੋਹਿਤ ਸਹਿਦੇਵ ਨੇ ਸ਼ਾਇਰਾ ਸੁਖਵਿੰਦਰ ਅਮ੍ਰਿਤ, ਨਾਟਕ ਦੇ ਲੇਖਕ ਰਾਜਵਿੰਦਰ ਸਮਰਾਲਾ ਅਤੇ ਅਦਾਕਾਰਾ ਨੂਰ ਕਮਲ ਨੂੰ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸੁਖਦੇਵ ਸਿੰਘ ਭੁੱਲਰ ਸਾ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਡਾ: ਕੁਲਵੰਤ ਸਿੰਘ ਬਾਠ, ਜਸਪਾਲ ਸਿੰਘ ਧੂਲਕਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਮੈਨੇਜਰ ਬੂਟਾ ਰਾਮ, ਸਕੱਤਰ ਸਿੰਘ ਪੁਰੇਵਾਲ, ਅਮਨਪ੍ਰੀਤ ਸਿੰਘ, ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਜਸਬੀਰ ਕੌਰ, ਕਰਤਾਰ ਸਿੰਘ ਐਮ.ਏ, ਹਰਵੰਤ ਸਿੰਘ ਭੁੱਲਰ ਆਦਿ ਨੇ ਇਸ ਸਮਾਗਮ ਦੌਰਾਨ ਭਰਵੀਂ ਹਾਜ਼ਰੀ ਭਰੀ ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਤਦਾਨ ਵਿੱਚ ਭਾਗੀਦਾਰੀ ਵਧਾਉਣ ਲਈ ਛਾਉਣੀ ਖੇਤਰ 'ਚ ਕਰਵਾਈਆਂ ਸਵੀਪ ਗਤੀਵਿਧੀਆਂ




**ਬਠਿੰਡਾ, 24 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਹਲਕਾ 093 ਦਿਹਾਤੀ ਬਠਿੰਡਾ ਦੀ ਸਵੀਪ ਟੀਮ ਵੱਲੋਂ ਪਿਛਲੀਆਂ ਚੋਣਾਂ ਵਿੱਚ ਘੱਟ ਵੋਟਿੰਗ ਵਾਲੇ ਖੇਤਰਾਂ ਵਿੱਚ ਮਤਦਾਨ ਦੀ ਭਾਗੀਦਾਰੀ ਨੂੰ ਵਧਾਉਣ ਲਈ ਸਵੀਪ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਸਵੀਪ ਟੀਮ ਵੱਲੋਂ ਬਠਿੰਡਾ ਸ਼ਹਿਰ ਦੇ ਛਾਉਣੀ ਵਾਲੇ ਖੇਤਰ ਵਿੱਚ ਸਵੀਪ ਗਤੀਵਿਧੀਆਂ ਕਰਵਾਈਆਂ ਗਈਆਂ। ਇਹ ਗਤੀਵਿਧੀਆਂ 093 ਦਿਹਾਤੀ ਬਠਿੰਡਾ ਦੇ ਏ.ਡੀ.ਸੀ. (ਵਿਕਾਸ) ਸ਼੍ਰੀਮਤੀ ਮੈਡਮ ਲਵਜੀਤ ਕਲਸੀ ਸਹਾਇਕ ਰਿਟਰਨਿੰਗ ਅਫਸਰ ਦੇ ਹੁਕਮਾਂ ਅਨੁਸਾਰ ਬਠਿੰਡਾ ਛਾਉਣੀ ਵਿੱਚ ਵੋਟਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਅਪੀਲ ਕੀਤੀ ਗਈ। ਮਾਸਟਰ ਟਰੇਨਰ ਸ. ਅਮਰਦੀਪ ਨੇ ਦੱਸਿਆ ਕਿ ਜਿਨਾਂ ਦੀ ਉਮਰ ਇੱਕ ਅਪ੍ਰੈਲ ਨੂੰ 18 ਸਾਲ ਦੀ ਹੋ ਚੁੱਕੀ ਹੈ, ਉਹ 4 ਮਈ 2024 ਤੱਕ ਆਪਣੀ ਵੋਟ ਬਣਾ ਸਕਦੇ ਹਨ ਅਤੇ ਨਵੀਂ ਵੋਟ ਲਈ ਵੋਟਰ ਹੈਲਪ ਲਾਈਨ ਅਤੇ ਨੈਸ਼ਨਲ ਵੋਟਰ ਸਰਵਿਸ ਦੀ ਪੋਰਟਲ ਵੀ ਵਰਤੋਂ ਕਰ ਸਕਦੇ ਹਨ। ਇਸ ਸਮੇਂ ਭਾਰਤੀ ਇਲੈਕਸ਼ਨ ਕਮਿਸ਼ਨ ਦੇ ਟੋਲ ਫਰੀ ਨੰਬਰ 1950 ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਸੈਕਟਰ ਨੰਬਰ 10 ਦੇ ਸੁਪਰਵਾਈਜ਼ਰ ਸ਼੍ਰੀ ਮੋਤੀ ਰਾਮ ਨੇ ਦੱਸਿਆ ਕਿ ਇਹ ਸਵੀਪ ਗਤੀਵਿਧੀਆਂ ਸ. ਬਲਰਾਜ ਸਿੰਘ ਬਰਾੜ ਨੋਡਲ ਅਫਸਰ ਸਵੀਪ 093 ਦਿਹਾਤੀ ਬਠਿੰਡਾ ਦੀ ਅਗਵਾਈ ਵਿੱਚ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਅੱਗੇ ਦੱਸਿਆ ਕਿ ਸਾਨੂੰ ਆਪਣੀ ਵੋਟ ਦੀ ਵਰਤੋਂ ਬਿਨਾਂ ਕਿਸੇ ਡਰ-ਭੈ ਅਤੇ ਲਾਲਚ ਤੋਂ ਕਰਨੀ ਚਾਹੀਦੀ ਅਤੇ ਵੋਟਰਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ 2024 ਦੌਰਾਨ ਵੱਧ ਤੋਂ ਵੱਧ ਮਤਦਾਨ ਭਾਗੀਦਾਰ ਨੂੰ ਯਕੀਨੀ ਬਣਾਇਆ ਜਾਵੇ। 70% ਤੋਂ ਵੱਧ ਦੇ ਟੀਚੇ ਨੂੰ ਪ੍ਰਾਪਤ ਕਰਨਾ ਹੈ। ਇਸ ਸਮੇਂ ਕੈਂਟ ਖੇਤਰ ਦੇ ਸੁਪਰਵਾਈਜ਼ਰ ਸ. ਸੁਖਜੀਤ ਸਿੰਘ ਬਾਹੀਆ ਅਤੇ ਬੀਐਲਓ ਸਾਹਿਬਾਨ ਸ. ਰਜਿੰਦਰ ਸਿੰਘ, ਭੁਪਿੰਦਰ ਸਿੰਘ, ਸ. ਬਾਜ ਸਿੰਘ ਅਤੇ ਸ. ਇਕਬਾਲ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਵਲ ਸਰਜਨ ਤਰਨਤਾਰਨ ਵਿਖੇ ਸਮੂਹ ਡਾਕਟਰਾਂ ਵਲੋਂ ਕੀਤਾ ਰੋਸ ਪ੍ਰਦਰਸ਼ਨ



ਚੌਕ ਮਹਿਤਾ 24 ਅਪ੍ਰੈਲ(ਬਾਬਾ ਸੁਖਵੰਤ ਸਿੰਘ ਚੰਨਣਕੇ )ਪੰਜਾਬ ਸਿਵਲ ਮੈਡੀਕਲ ਸਰਵਿਸ(ਪੀ.ਸੀ.ਐਮ.ਐਸ.) ਐਸੋਸ਼ਿਏਸ਼ਨ ਤਰਨਤਾਰਨ ਵਲੋਂ ਪਿਛਲੇ ਕੁਝ ਦਿਨਾਂ ਦੌਰਾਨ ਈ.ਐਸ.ਆਈ. ਹਸਪਤਾਲ ਹੁਸ਼ਿਆਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ ਸੁਨੀਲ ਭਗਤ ਨਾਲ ਮਰੀਜ ਰਿਸ਼ਤੇਦਾਰਾਂ ਵਲੋਂ ਬਦਸਲੂਕੀ ਅਤੇ ਮਾਰ-ਕੁਟਾਈ ਦੀ ਅਣਸੁਖਾਵੀਂ ਘਟਨਾਂ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਣ ਕੀਤਾ ਅਤੇ ਸਖਤ ਲਫਜਾਂ ਵਿੱਚ ਨਿੰਦਾ ਕੀਤੀ। ਉਹਨਾਂ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਅਜਿਹੇ ਮਾੜੇ ਅਨਸਰਾਂ ਵਿਰੱਧ ਸਖਤ ਕਾਰਵਾਈ ਅਮਲ ਵਿੱਚ ਲਿਆਓਣੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਕਿਸੇ ਡਾਕਟਰ ਨਾਲ ਅਜਿਹੀ ਅਣਸੁਖਾਵੀਂ ਘਟਣਾਂ ਨਾਂ ਵਾਪਰੇ। ਇਸ ਅਵਸਰ ਤੇ ਸਿਵਲ ਸਰਜਨ ਡਾ ਕਮਲਪਾਲ ਸਿੱਧੂ, ਸੀਨੀਅਰ ਮੈਡੀਕਲ ਅਫਸਰ ਡਾ ਰਮਨਦੀਪ ਸਿੰਘ ਪੱਡਾ, ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰ ਪਾਲ ਕੌਰ, ਸਹਾਇਕ ਸਿਵਲ ਸਰਜਨ ਡਾ ਦੇਵੀ ਬਾਲਾ, ਜਿਲ੍ਹਾ ਸਿਹਤ ਅਫਸਰ ਡਾ ਸੁਖਬੀਰ ਕੌਰ, ਜਿਲ੍ਹਾ ਐਪੀਡਿਮਲਿਜਿਸਟ ਡਾ ਸਿਮਰਨ ਕੌਰ, ਡਾ ਅਮਨਦੀਪ ਸਿੰਘ, ਡਾ ਹਰਪ੍ਰੀਤ ਸਿੰਘ ਅਤੇ ਸਮੂਹ ਪੀ.ਸੀ.ਐਮ.ਐਸ.) ਐਸੋਸ਼ਿਏਸ਼ਨ ਤਰਨਤਾਰਨ ਦੇ ਮੈਂਬਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਯੂਕੇ ਵਿੱਚ ਸਿੱਖਾਂ ਦੇ ਆਪਸੀ ਮਸਲੇ ਸੁਲਝਾਉਣ ਲਈ ਸਥਾਪਿਤ ਕੀਤੀ ਗਈ ਸਿੱਖ ਅਦਾਲਤ ਦੀ ਸ਼ਲਾਘਾ: ਸਰਨਾ




ਨਵੀਂ ਦਿੱਲੀ, 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਯੂਕੇ ਅੰਦਰ ਬੀਤੀ 20 ਅਪ੍ਰੈਲ ਨੂੰ ਸਿੱਖਾਂ ਦੇ ਆਪਸੀ ਮਸਲਿਆਂ ਨੂੰ ਸੁਲਝਾਉਣ ਲਈ "ਦ ਸਿੱਖ ਕੋਰਟ" ਦਾ ਉਦਘਾਟਨ ਕੀਤਾ ਗਿਆ ਹੈ ਦਿੱਲੀ ਦੇ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਬਰਤਾਨੀਆ ਦੇ ਸਿੱਖ ਕਾਨੂੰਨੀ ਪੇਸ਼ੇਵਰਾਂ ਵੱਲੋਂ ਯੂਕੇ ਵਿੱਚ ਪਹਿਲੀ ਸਿੱਖ ਅਦਾਲਤ ਦੇ ਉਦਘਾਟਨ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਯੂਕੇ ਸਿੱਖ ਭਾਈਚਾਰੇ ਵਿੱਚ ਸਿਵਲ ਅਤੇ ਪਰਿਵਾਰਕ ਝਗੜਿਆਂ ਨੂੰ ਸੁਲਝਾਉਣ ਲਈ ਇਹ ਇੱਕ ਸ਼ਲਾਘਾਯੋਗ ਕਦਮ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ, ਸਰਨਾ ਨੇ ਕਿਹਾ ਕਿ 2008 ਵਿੱਚ ਦਿੱਲੀ ਵਿੱਚ ਉੱਘੇ ਸਿੱਖ ਵਕੀਲ ਕੇ.ਟੀ.ਐਸ. ਤੁਲਸੀ ਦੀ ਸਹਾਇਤਾ ਨਾਲ ਇਸੇ ਤਰ੍ਹਾਂ ਦੇ ਵਿਚੋਲਗੀ ਅਤੇ ਸਾਲਸੀ ਫੋਰਮ ਦੀ ਸ਼ੁਰੂਆਤ ਕੀਤੀ ਗਈ ਸੀ ਜਿਸਦਾ ਮਕਸਦ ਸਿੱਖਾਂ ਦੇ ਮਸਲਿਆਂ ਨੂੰ ਸੁਲਝਾਣਾ ਸੀ ।ਸਰਨਾ ਨੇ ਅੱਗੇ ਕਿਹਾ, "ਅਸੀਂ ਇਸ ਸ਼ਾਨਦਾਰ ਅਤੇ ਇਤਿਹਾਸਕ ਪਹਿਲਕਦਮੀ ਲਈ ਯੂਕੇ ਦੇ ਸਿੱਖਾਂ ਦੀ ਪ੍ਰਸ਼ੰਸਾ ਕਰਦੇ ਹਾਂ, ਜੋ ਕਿ ਭਾਈਚਾਰਕ ਵਿਚੋਲਗੀ ਰਾਹੀਂ ਸਿਵਲ ਅਤੇ ਪਰਿਵਾਰਕ ਮੁੱਦਿਆਂ ਨੂੰ ਹੱਲ ਕਰਨ ਵਿੱਚ ਬਹੁਤ ਮਦਦ ਕਰੇਗਾ।÷ ਸਿੱਖ ਅਦਾਲਤ ਨੂੰ ਬਨਾਣ ਵਾਲੀ ਸਿੱਖਸ ਇਨ ਲਾਅ 2020 ਵਿੱਚ ਸਥਾਪਿਤ ਕੀਤੀ ਗਈ ਆਪਣੀ ਕਿਸਮ ਦਾ ਸਭ ਤੋਂ ਵੱਡਾ ਸਿੱਖ ਪੇਸ਼ੇਵਰ ਨੈਟਵਰਕ ਹੈ, ਜੋ ਯੂਨਾਈਟਿਡ ਕਿੰਗਡਮ ਵਿੱਚ ਵਿਦਿਆਰਥੀਆਂ, ਚਾਰਟਰਡ ਕਾਨੂੰਨੀ ਕਾਰਜਕਾਰੀ, ਸਾਲਿਸਟਰਾਂ, ਬੈਰਿਸਟਰਾਂ ਅਤੇ ਜੱਜਾਂ ਦੀ ਪ੍ਰਤੀਨਿਧਤਾ ਕਰਦਾ ਹੈ ।ਪੰਥ, ਅਖੰਡਤਾ ਅਤੇ ਵਕਾਲਤ ਦੀਆਂ ਮੂਲ ਕਦਰਾਂ-ਕੀਮਤਾਂ ਰਾਹੀਂ ਇਹ ਆਪਣੇ ਸਾਰੇ ਮੈਂਬਰਾਂ ਨੂੰ ਜੋੜਨ, ਜੇਤੂ ਬਣਾਉਣ ਅਤੇ ਸਮਰਥਨ ਕਰਨ ਲਈ ਸਮਰਪਿਤ ਹੈ ।ਸੰਸਥਾ ਆਪਣੇ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਪੇਸ਼ੇਵਰ ਵਿਕਾਸ ਵਿੱਚ ਸਹਾਇਤਾ ਕਰਨ, ਕਾਨੂੰਨੀ ਖੇਤਰ ਵਿੱਚ ਸਿੱਖ ਪ੍ਰੋਫਾਈਲ ਨੂੰ ਉੱਚਾ ਚੁੱਕਣ ਅਤੇ ਕਲਾਸਰੂਮ ਤੋਂ ਬੋਰਡਰੂਮ ਤੱਕ ਪਹਿਲਕਦਮੀਆਂ ਨੂੰ ਚਲਾਉਣ ਦੀ ਕੋਸ਼ਿਸ਼ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕਾਂਗਰਸ ਪਾਰਟੀ ਨੂੰ ਵੱਡਾ ਝਟਕਾ, ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਸੰਜੀਵ ਕੁਮਾਰ ਲਵਲੀ ਅਤੇ ਉਨ੍ਹਾਂ ਦੇ ਸਾਥੀ

# ਰਣਧੀਰ ਸਿੰਘ ਮਲਹੋਤਰਾ, ਆਸ਼ੂ ਵਿਨਾਇਕ ਆਪ 'ਚ ਸ਼ਾਮਿਲ



**ਜੰਡਿਆਲਾ ਗੁਰੂ, 24 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਦੇ ਰਾਜਨੀਤਿਕ ਗਲਿਆਰਿਆਂ ਵਿੱਚ ਹਲਚਲ ਮਚੀ ਹੋਈ ਹੈ ਇਹ ਗੱਲ ਦੱਸਣਯੋਗ ਹੈ ਕਿ ਇਸ ਸਮੇਂ ਲੋਕਸਭਾ ਚੁਣਾਵ ਸਿਖਰਾਂ ਤੇ ਹਨ ਜਿਸ ਨੂੰ ਲੈਕੇ ਰਾਜਨੀਤਕ ਪਾਰਟੀਆਂ ਵਿਚ ਵੋਟ ਬੈਂਕ ਨੂੰ ਸੁਰੱਖਿਅਤ ਕਰਨ ਲਈ ਭੱਜਦੌੜ ਮਚੀ ਹੋਈ ਹੈ ਉਥੇ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਸੰਜੀਵ ਕੁਮਾਰ ਲਵਲੀ ਵਾਰਡ ਨੰਬਰ 14, ਰਣਧੀਰ ਸਿੰਘ ਧੀਰਾ 12, ਅਤੇ ਆਸ਼ੂ ਵਿਨਾਇਕ ਵਾਰਡ ਨੰਬਰ 8 ਤੋਂ ਹਨ ਇਹ ਸਾਰੇ ਕਾਂਗਰਸ ਪਾਰਟੀ ਦੇ ਨੇਤਾ ਹਨ ਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਅਗਵਾਈ ਵਿੱਚ ਸ਼ਾਮਲ ਹੋਏ ਇਹਨਾਂ ਦੇ ਸ਼ਾਮਲ ਹੋਣ ਤੇ ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਲੱਗਾ ਕਿਉਂਕਿ ਇਸ ਤੋਂ ਪਹਿਲਾਂ ਕਾਂਗਰਸ ਦੇ ਕੌਂਸਲਰ ਨਿਰਮਲ ਸਿੰਘ ਲਹੌਰੀਆ ਵਾਰਡ ਨੰਬਰ 6 ਸੁਖਜਿੰਦਰ ਸਿੰਘ ਗੋਲਡੀ ਵਾਰਡ ਨੰਬਰ 10 ਅਤੇ ਰਿੰਕੂ ਵਾਰਡ ਨੰਬਰ 11 ਅਮਰਜੀਤ ਕੌਰ ਕੌਂਸਲਰ ਸ਼ਾਮਲ ਹੋਏ ਸਨ ਇਸ ਮੌਕੇ ਤੇ ਕਾਂਗਰਸ ਪਾਰਟੀ ਕੋਲ ਸਿਰਫ ਦੋ ਕੌਂਸਲਰ ਹੀ ਬੱਚੇ ਜਿਨ੍ਹਾਂ ਵਿਚ ਡਿੰਪਲ ਵਾਰਡ ਨੰਬਰ ਇਕ ਐਸ.ਸੀ ਅਤੇ ਜਤਿੰਦਰ ਸਿੰਘ ਨਾਟੀ ਵਾਰਡ ਨੰਬਰ 4 ਜਰਨਲ ਵਾਰਡ ਤੋਂ ਹਨ ਇਹਨਾਂ ਦੇ ਸ਼ਾਮਲ ਹੋਣ ਨਾਲ ਜਿਥੇ ਆਪ ਦਾ ਰੁਤਬਾ ਵਧਿਆ ਹੈ ਉਥੇ ਕਾਂਗਰਸ ਪਾਰਟੀ ਦੇ ਵੋਟ ਬੈਂਕ ਵਿਚ ਭਾਰੀ ਨੁਕਸਾਨ ਹੋਇਆ ਹੈ ਜਿਸ ਦਾ ਨੁਕਸਾਨ ਕਾਂਗਰਸ ਪਾਰਟੀ ਨੂੰ ਹੋਣਾ ਤਹਿ ਹੈ ਇਸ ਮਾਮਲੇ ਨੂੰ ਲੈਕੇ ਕਾਂਗਰਸ ਪਾਰਟੀ ਦੇ ਪਹਿਲੇ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨਾਲ ਗੱਲਬਾਤ ਕਰਨੀ ਚਾਹੀਦੀ ਤਾਂ ਉਹਨਾਂ ਵੱਲੋਂ ਫੋਨ ਨਹੀਂ ਉਠਾਇਆ ਗਿਆ ਹੁਣ ਤੱਕ ਕੁੱਲ 15 ਵਾਰਡ ਵਿਚ 7 ਕੌਂਸਲਰਾਂ ਨੇ ਆਪ ਦਾ ਪਲੜਾ ਫੜ ਲਿਆ ਪਹਿਲੇ ਪ੍ਰਧਾਨ ਨਗਰ ਕੌਂਸਲ ਐਡਵੋਕੇਟ ਰਾਜ ਕੁਮਾਰ ਮਲਹੋਤਰਾ ਨੇ ਕਿਹਾ ਕਿ ਜਿਹੜੇ ਲੋਕ ਕਾਂਗਰਸ ਪਾਰਟੀ ਦੀ ਨਾਵ ਨੂੰ ਲੈ ਡੁੱਬੇ ਕਿਤੇ ਉਹ ਸਾਨੂੰ ਵੀ ਨਾ ਲੈ ਡੁੱਬਣ।

ਆਵਾਜ਼ਿ ਕੌਮ AWAZE QAUM International Newspaper & WEB TV

ਰਾਸ਼ਟਰਪਤੀ ਪੁਰਸਕਾਰ ਵਿਜੇਤਾ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ 20 ਸੱਤਵੀਂ ਬਰਸੀ ਸਠਿਆਲਾ ਵਿਖੇ ਮਨਾਈ ਗਈ

# ਹੋਣਹਾਰ ਵਿਦਿਆਰਥੀਆਂ ਦੇ ਨਾਲ ਨਾਲ ਸਮਾਜ ਸੇਵੀ ਹਸਤੀਆਂ ਨੂੰ ਵੀ ਕੀਤਾ ਗਿਆ ਸਨਮਾਨਿਤ



ਜੰਡਿਆਲਾ ਗੁਰੂ 24 ਅਪ੍ਰੈਲ( ਕੁਲਵੰਤ ਸਿੰਘ ਵਿਰਦੀ)ਦੇਸ਼ ਦੇ ਸ਼ਹੀਦ ਕਿਸੇ ਵੀ ਸਮਾਜ ਦਾ ਕੌਮੀ ਸਰਮਾਇਆ ਹੁੰਦੇ ਹਨ, ਜਿਨ੍ਹਾਂ ਨੂੰ ਯਾਦ ਕਰਨਾ ਅਤੇ ਉਹਨਾਂ ਪ੍ਰਤੀ ਸਮਰਪਿਤ ਹੋ ਕੇ ਉਹਨਾਂ ਦੇ ਜੀਵਨ ਤੋਂ ਅਗਵਾਈ ਲੈ ਕੇ ਦੇਸ਼ ਭਗਤੀ ਦੇ ਨਾਲ ਆਪਣੇ ਸਮਾਜ ਦਾ ਵਿਕਾਸ ਕਰਨਾ ਸਾਡਾ ਫ਼ਰਜ਼ ਹੈ। ਦੇਸ਼ ਦੇ ਇਹਨਾਂ ਮਾਣਮੱਤੇ ਸ਼ਹੀਦਾਂ ਦੇ ਵਿੱਚੋਂ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ, ਜੋ ਕਿ ਸਠਿਆਲਾ ਦੇ ਜੰਮਪਲ ਸਨ, 24 ਅਪ੍ਰੈਲ, 2017 ਨੂੰ ਭਾਰਤ ਦੇ ਛੱਤੀਸਗੜ੍ਹ ਦੇ ਸੁਕਮਾ ਖੇਤਰ ਵਿੱਚ 25 ਜਵਾਨਾਂ ਸਮੇਤ ਕੰਪਨੀ ਦੀ ਕਮਾਂਡ ਕਰਦਿਆਂ ਜ਼ਖ਼ਮੀ ਹਾਲਤ ਵਿੱਚ ਵੀ ਦੇਸ਼-ਵਿਰੋਧੀ ਤਾਕਤਾਂ ਨਾਲ ਦਲੇਰਾਨਾ ਢੰਗ ਨਾਲ ਲੜਦਿਆਂ ਸ਼ਹੀਦ ਹੋ ਗਏ ਸਨ। ਉਹਨਾਂ ਦੀ ਸ਼ਹਾਦਤ ਦੌਰਾਨ ਬਹਾਦਰੀ ਨੂੰ ਸਲਾਮ ਕਰਦਿਆਂ ਭਾਰਤ ਦੇ ਰਾਸ਼ਟਰਪਤੀ ਵੱਲੋਂ ਰਾਸ਼ਟਰਪਤੀ ਪੁਲਿਸ ਮੈਡਲ ਨਾਲ ਵੀ ਸ਼ਹਾਦਤ ਉਪਰੰਤ ਸਨਮਾਨਿਤ ਕੀਤਾ ਗਿਆ ਸੀ। ਅੱਜ ਉਹਨਾਂ ਦੀ ਸ਼ਹਾਦਤ ਦੀ ਸਤਵੀਂ ਬਰਸੀ ਸਠਿਆਲਾ ਦੇ ਗੁਰੂ ਘਰ ਵਿੱਚ ਮਨਾਈ ਗਈ। ਬਾਬਾ ਬਕਾਲਾ ਸਾਹਿਬ ਦੇ ਹਜ਼ੂਰੀ ਰਾਗੀਆਂ ਵੱਲੋਂ ਰਸਮਈ ਕੀਰਤਨ ਕੀਤਾ ਗਿਆ ਅਤੇ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਦੀ ਦੇਸ਼ ਲਈ ਕੀਤੀ ਗਈ ਕੁਰਬਾਨੀ ਨੂੰ ਯਾਦ ਕਰਦਿਆਂ ਹਾਜ਼ਰ ਹਸਤੀਆਂ ਵੱਲੋਂ ਦੇਸ਼ ਭਗਤੀ ਦਾ ਸੁਨੇਹਾ ਦਿੱਤਾ ਗਿਆ। ਇਸ ਮੌਕੇ ਸ਼ਹੀਦ ਦੀ ਧਰਮ ਪਤਨੀ ਵੀਰਨਾਰੀ ਸ਼੍ਰੀਮਤੀ ਬਲਜੀਤ ਕੌਰ ਅਤੇ ਇਕਲੌਤੇ ਪੁੱਤਰ ਤਹਿਸੀਲਦਾਰ ਅੰਮ੍ਰਿਤਬੀਰ ਸਿੰਘ ਵੱਲੋਂ ਉਹਨਾਂ ਦੀ ਇਸ ਬਰਸੀ 'ਤੇ ਚਾਰ ਹੋਣਹਾਰ ਵਿਦਿਆਰਥੀਆਂ ਨੂੰ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦੇਸ਼ ਦੀ ਸਮਾਜ ਸੇਵਾ ਨਾਲ ਜੁੜੀਆਂ ਇਲਾਕੇ ਦੀਆਂ ਅਹਿਮ ਸਮਾਜ ਸੇਵੀ ਹਸਤੀਆਂ ਸਕੱਤਰ ਮਾਰਕੀਟ ਕਮੇਟੀ ਗੁਰਮੰਗਤ ਸਿੰਘ ਮੱਲ੍ਹੀ, ਸਰਪੰਚ ਕੁਲਦੀਪ ਸਿੰਘ ਖੁਜਾਲਾ, ਬਾਬਾ ਬੂਟਾ ਸਿੰਘ, ਮਾਸਟਰ ਸਤਨਾਮ ਸਿੰਘ, ਨੰਬਰਦਾਰ ਪਿੰਡ ਸਠਿਆਲਾ, ਸੀਆਰਪੀਐਫ ਦੇ ਅਧਿਕਾਰੀ ਬਲਰਾਜ ਸਿੰਘ, ਬਲਜਿੰਦਰ ਸਿੰਘ, ਸ਼ਹੀਦ ਦੇ ਭਰਾ ਕੁਲਦੀਪ ਸਿੰਘ, ਹਰਜਿੰਦਰ ਸਿੰਘ ਆਦਿ ਨੂੰ ਸਨਮਾਨ-ਲੋਈਆਂ ਨਾਲ ਸਨਮਾਨਿਤ ਕੀਤਾ ਗਿਆ। ਉਪਰੰਤ ਸਥਾਨਿਕ ਗੁਰਦੁਆਰਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਅਤੇ ਪਿੰਡ ਦੀ ਪੰਚਾਇਤ ਵੱਲੋਂ ਵੀਰਨਾਰੀ ਬਲਜੀਤ ਕੌਰ ਅਤੇ ਸ਼ਹੀਦ ਦੇ ਪੁੱਤਰ ਤਹਿਸੀਲਦਾਰ ਅੰਮ੍ਰਿਤਬੀਰ ਸਿੰਘ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਸ਼ਰਧਾਂਜਲੀ ਸਮਾਰੋਹ ਦੌਰਾਨ ਸੀ.ਆਰ.ਪੀ.ਐਫ.ਦੇ ਅਧਿਕਾਰੀਆਂ ਵੱਲੋਂ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ ਦੇ ਨਾਲ-ਨਾਲ ਸਲਾਮੀ ਵੀ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕ ਸਭਾ ਚੋਣਾਂ 2024 ਲਈ ਸਰਕਾਰੀ ਸੈਕੰਡਰੀ ਸਕੂਲ ਜਲਾਲ ਉਸਮਾ ਨੇ ਕੀਤਾ ਵੋਟਰਾਂ ਨੂੰ ਜਾਗਰੂਕ




**ਚੌਂਕ ਮਹਿਤਾ, 24 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਲੋਕ ਸਭਾ ਚੋਣਾਂ 2024 ਵਿੱਚ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਨੋਡਲ ਅਫ਼ਸਰ ਸਵੀਪ ਕਮ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀਮਤੀ ਇੰਦੂ ਮੰਗੋਤਰਾ ਜੀ ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਦੇ ਵਿਦਿਆਰਥੀਆਂ ਵੱਲੋਂ ਸਕੂਲ ਇੰਚਾਰਜ ਸ਼੍ਰੀਮਤੀ ਸੁਖਜੀਤ ਕੌਰ ਜੀ ਦੀ ਅਗਵਾਈ ਵਿੱਚ ਪਿੰਡ ਜਲਾਲ ਉਸਮਾ ਦੇ ਫੋਕਲ ਪੁਆਇੰਟ ਵਿਖੇ ਵੋਟਰਾਂ ਨੂੰ ਜਾਗਰੂਕ ਕਰਨ ਲਈ ਇੱਕ ਨੁੱਕੜ ਨਾਟਕ ਦੀ ਪ੍ਰਸਤੁਤੀ ਕੀਤੀ ਗਈ। ਸਕੂਲ ਅਧਿਆਪਕਾਂ ਸ. ਭਜਨ ਸਿੰਘ, ਸ. ਅਵਤਾਰ ਸਿੰਘ, ਸ਼੍ਰੀਮਤੀ ਸੰਦੀਪ ਕੌਰ, ਸ. ਸਰਬਜੀਤ ਸਿੰਘ, ਸ਼੍ਰੀਮਤੀ ਸੰਦੀਪ ਕੌਰ ਵੋਕੇਸ਼ਨਲ, ਸ਼੍ਰੀਮਤੀ ਸਰਬਜੀਤ ਕੌਰ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਫੋਕਲ ਪੁਆਇੰਟ ਤੇ ਵੱਖ-ਵੱਖ ਪਿੰਡਾਂ ਤੋਂ ਇਕੱਤਰ ਹੋਏ ਲੋਕਾਂ ਨੂੰ ਆਪਣੀ ਵੋਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਇੰਚਾਰਜ ਸ਼੍ਰੀਮਤੀ ਸੁਖਜੀਤ ਕੌਰ ਅਤੇ ਕੰਪਿਊਟਰ ਅਧਿਆਪਕ ਸ਼੍ਰੀਮਤੀ ਰਮਨਦੀਪ ਕੌਰ ਵੱਲੋਂ ਵੋਟਰ ਜਾਗਰੂਕਤਾ ਅਤੇ ਚੋਣਾਂ ਨਾਲ ਸਬੰਧਤ ਐਪਸ ਦੀ ਇੰਸਟਾਲੇਸ਼ਨ ਸਬੰਧੀ 'ਰੰਧਾਵਾ ਆਈਲੈਟਸ ਅਕੈਡਮੀ' ਮਹਿਤਾ ਚੌਂਕ ਵਿਖੇ ਵਿਜ਼ਟ ਕੀਤਾ ਗਿਆ ਅਤੇ ਉਸ ਸੈਂਟਰ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵੋਟ ਅਧਿਕਾਰ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਵਿਦਿਆਰਥੀਆਂ ਵੱਲੋਂ 'ਵੋਟਰ ਹੈਲਪਲਾਈਨ ਐਪ' ਅਤੇ 'ਸ਼ਕਸ਼ਮ ਐਪ' ਆਪਣੇ ਮੋਬਾਇਲ ਵਿੱਚ ਇੰਸਟਾਲ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# "ਵਿਸ਼ਵ ਇਮੁਨਾਈਜੇਸ਼ਨ ਵੀਕ" ਸੰਬਧੀ ਰੈਲੀ ਕੱਢੀ ਅਤੇ ਕੈਂਪ ਦਾ ਕੀਤਾ ਉਦਘਾਟਨ



**ਚੌਂਕ ਮਹਿਤਾ24 ਅਪ੍ਰੈਲ (. ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵਲੋਂ ਸਿਵਲ ਸਰਜਨ ਤਰਨਤਾਰਨ ਡਾ ਕਮਲਪਾਲ ਜੀ ਦੀ ਪ੍ਰਧਾਨਗੀ ਹੇਠਾਂ, ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰ ਪਾਲ ਕੌਰ ਵਲੋਂ "ਵਿਸ਼ਵ ਇਮੁਨਾਈਜੇਸ਼ਨ ਵੀਕ" ਸੰਬਧੀ ਸਿਵਲ ਹਸਪਤਾਲ ਵਿਖੇ ਜਾਗਰੂਕਤਾ ਰੈਲੀ ਕੱਢੀ ਗਈ ਅਤੇ ਕੈਂਪ ਦਾ ਉਦਘਾਲਣ ਕੀਤਾ ਗਿਆ।ਇਸ ਅਵਸਰ ਤੇ ਜਿਲਾ ਟੀਕਾਕਰਣ ਅਫਸਰ ਡਾ ਵਰਿੰਦਰਪਾਲ ਕੌਰ ਨੇ ਕਿਹਾ ਕਿ ਵਿਸ਼ਵ ਟੀਕਾਕਰਣ ਹਫਤਾ ਪੂਰੇ ਵਿਸ਼ਵ ਭਰ ਵਿਚ ਮਿਤੀ 24 ਅਪ੍ਰੈਲ ਤੋਂ ਲੈਕੇ ਮਿਤੀ 30 ਅਪ੍ਰੈਲ ਤੱਕ ਮਨਾਇਆ ਜਾ ਰਿਹਾ ਹੈ। ਇਸ ਹਫਤੇ ਦੌਰਾਣ ਜਿਲੇ ਭਰ ਦੇ ਸਿਹਤ ਕੇਂਦਰਾਂ ਵਿੱਚ ਸਾਰੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਵਲੋਂ ਆਮ ਜਨਤਾ ਨੂੰ ਟੀਕਾਕਰਣ ਮੱਹਤਤਾ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਆਉਟਰੀਚ ਇਲਾਕੇ ਜਿਵੇਂ ਝੁੱਗੀਆਂ, ਬਸਤੀਆਂ, ਭੱਠੇ, ਗੁੱਜਰਾਂ ਦੇ ਡੇਰੇ, ਮਾਈਗਰੇਟਰੀ ਤੇ ਸਲੁਮ ਏਰੀਏ ਵਿਚ ਟੀਕਾਕਰਣ ਕੈਂਪ ਲਗਾ ਕੇ ਬੱਚਿਆਂ ਦੀ ਵੈਕਸੀਨੇਸ਼ਨ ਪੂਰੀ ਕੀਤੀ ਜਵੇਗੀ। ਇਸ ਉਪਰੰਤ ਇਸਦਾ ਪੂਰਾ ਰਿਕਾਰਡ ਯੂ ਵਿਨ ਐਪ ਤੇ ਅੱਪ ਲੋਡ ਕੀਤਾ ਜਾਵੇਗਾ, ਜਿਸ ਨਾਲ ਹਰੇਕ ਬੱਚੇ ਟੀਕਾਕਰਣ ਦਾ ਰਿਕਾਰਡ ਕਿਸੇ ਵੀ ਜਗ੍ਹਾ ਤੇ ਇੰਟਰਨੈਟ ਦੀ ਮਦਦ ਨਾਲ ਹਾਸਿਲ ਕੀਤਾ ਜਾ ਸਕੇਗਾ, ਜਿਸ ਨਾਲ ਟੀਕਾਕਰਣ ਵਿਚ ਆਸਾਨੀ ਹੋ ਸਕੇਗੀ।ਸਹਾਇਕ ਸਿਵਲ ਸਰਜਨ ਡਾ ਦੇਵੀ ਬਾਲਾ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ, ਜਿਲ੍ਹਾ ਸਿਹਤ ਅਫਸਰ ਡਾ ਸੁਖਬੀਰ ਕੌਰ, ਜਿਲ੍ਹਾ ਐਪੀਡਿਮਲਿਜਿਸਟ ਡਾ ਸਿਮਰਨ ਕੌਰ, ਡਾ ਅਮਨਦੀਪ ਸਿੰਘ, ਡਾ ਗੁਰਬਿੰਦਰ ਅਤੇ ਸਮੂਹ ਸਟਾਫ ਮੈਂਬਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਕਈ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ ਅਤੇ ਕਈਆਂ ਦਾ ਰੱਖਿਆ ਨੀਂਹ ਪੱਥਰ- ਭਾਈ ਬਰਾੜ




**ਤਲਵੰਡੀ ਸਾਬੋ, 24 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੇ ਉਨਾਂ ਕਾਰਜਾਂ ਨੂੰ ਪੂਰਨ ਕੀਤਾ ਜਾ ਰਿਹਾ ਹੈ ਜਿਨਾਂ ਕਾਰਜਾਂ ਲਈ ਹਰਿਆਣਾ ਦੀਆਂ ਸਿੱਖ ਸੰਗਤਾਂ ਨੇ ਹਰਿਆਣਾ ਕਮੇਟੀ ਨੂੰ ਹੋਂਦ ਵਿੱਚ ਲਿਆਂਦਾ ਸੀ ਅੱਜ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਪਾਤਸ਼ਾਹੀ ਅੱਠਵੀਂ ਅੰਬਾਲਾ ਵਿਖੇ ਸੰਗਤਾਂ ਲਈ ਰਹਾਇਸ਼ ਵਾਸਤੇ ਨਵੀਂ ਸਰਾਂ ਦਾ ਨੀਹ ਪੱਥਰ ਕਾਰ ਸੇਵਾ ਮੁਖੀ ਬਾਬਾ ਜਗਤਾਰ ਸਿੰਘ ਸ੍ਰੀ ਤਰਨ ਤਾਰਨ ਸਾਹਿਬ ਵਾਲੇ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ, ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਸੀਨੀਅਰ ਮੀਤ ਪ੍ਰਧਾਨ ਸੁਦਰਸ਼ਨ ਸਿੰਘ ਅੰਬਾਲਾ ਜਰਨਲ ਸਕੱਤਰ ਸੁਖਵਿੰਦਰ ਸਿੰਘ ਮੰਡੇਬਰ ਅਤੇ ਬਾਕੀ ਸਾਥੀਆਂ ਨੇ ਆਪਣੇ ਕਰ ਕਮਲਾਂ ਨਾਲ ਰੱਖਿਆ ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਲਿਖਤੀ ਪ੍ਰੈਸਨੋਟ ਜਾਰੀ ਕਰਦਿਆਂ ਦੱਸਿਆ ਕਿ ਇਸ ਸਮੇਂ ਹਰਿਆਣਾ ਕਮੇਟੀ ਦੇ ਅੰਤ੍ਰਿੰਗ ਮੈਂਬਰ ਤਰਵਿੰਦਰਪਾਲ ਸਿੰਘ ਅੰਬਾਲਾ, ਸੀਨੀਅਰ ਮੈਂਬਰ ਭੁਪਿੰਦਰ ਸਿੰਘ ਅੰਬਾਲਾ, ਸਲਾਹਕਾਰ ਗੁਰਵਿੰਦਰ ਸਿੰਘ ਕਰਨਾਲ, ਸਪੋਕਸਮੈਨ ਕੰਵਲਜੀਤ ਸਿੰਘ ਅਜਰਾਨਾ, ਗੁਰਜੀਤ ਸਿੰਘ ਰੋਮਾਣਾ ਰਿਟਾਇਰਡ ਐਸਪੀ, ਸਤਿਕਾਰਯੋਗ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਸ਼ਾਹਬਾਦ ਮਾਰਕੰਡਾ, ਬਾਬਾ ਸੁੱਖਾ ਸਿੰਘ ਕਾਰ ਸੇਵਾ, ਬਾਬਾ ਜੋਗਾ ਸਿੰਘ ਕਾਰ ਸੇਵਾ, ਬਾਬਾ ਹਰਦੇਵ ਸਿੰਘ ਕਾਰ ਸੇਵਾ, ਬਾਬਾ ਕਿਰਪਾਲ ਸਿੰਘ ਭਵਾਨੀਗੜ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਬਾਉਲੀ ਸਾਹਿਬ ਪਿਹੋਵਾ ਵੀ ਹਾਜ਼ਰ ਸਨ। ਭਾਈ ਬਰਾੜ ਨੇ ਦੱਸਿਆ ਕਿ ਅੱਜ ਪੰਜ ਪ੍ਰੋਜੈਕਟਾਂ ਵਿੱਚੋਂ ਬਣ ਚੁੱਕੇ ਦੋ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਤਿੰਨ ਨਵੇਂ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਗਿਆ। ਹਰਿਆਣਾ ਕਮੇਟੀ ਵੱਲੋਂ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਆਪਣੇ ਸਕੂਲਾਂ ਵਿੱਚ ਪੜਾਉਣ ਅਤੇ ਕਾਲਜਾਂ ਵਿੱਚ ਵਜ਼ੀਫੇ ਦੇਣ ਦਾ ਐਲਾਨ ਕੀਤਾ ਗਿਆ ਸੀ ਉਸ ਉਪਰ ਅਮਲ ਵੀ ਸ਼ੁਰੂ ਕਰ ਦਿੱਤਾ ਗਿਆ ਹੈ। ਅੱਜ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਖਾਲਸਾ ਕਾਲਜ ਪੰਜੋਖਰਾ ਸਾਹਿਬ ਵਿਖੇ 26 ਅੰਮ੍ਰਿਤਧਾਰੀ ਸਿੱਖ ਬੱਚੇ ਬੱਚੀਆਂ ਨੂੰ ਅੰਡਰ ਗ੍ਰੈਜੂਏਟ 8 ਹਜਾਰ ਅਤੇ ਪੋਸਟ ਗ੍ਰੈਜੂਏਟ ਨੂੰ 10 ਹਜਾਰ ਰੁਪਏ ਪ੍ਰਤੀ ਵਿਦਿਆਰਥੀ ਵਜੀਫਾ ਦਿੱਤਾ ਗਿਆ। ਇਸ ਸਮੇਂ ਉਪਰੋਕਤ ਦੇ ਨਾਲ ਪ੍ਰਿੰਸੀਪਲ ਸੁਖਦੇਵ ਸਿੰਘ ਵੀ ਹਾਜ਼ਰ ਸਨ ਭਾਈ ਬਰਾੜ ਨੇ ਦੱਸਿਆ ਕਿ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਵਿਖੇ ਗੁਰਮਤਿ ਲਾਇਬਰੇਰੀ ਅਤੇ ਸਟਾਫ ਵਾਸਤੇ ਰਿਹਾਇਸ਼ੀ 10 ਮਕਾਨਾਂ ਦਾ ਵੀ ਉਦਘਾਟਨ ਕੀਤਾ ਗਿਆ। ਇੱਕ ਮਲਟੀਪਰਪਜ ਦੋ ਮੰਜ਼ਲੀ ਇਮਾਰਤ ਦਾ ਵੀ ਅੱਜ ਨੀਹ ਪੱਥਰ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਪਿਹੋਵਾ ਵਾਲਿਆ ਵਲੋਂ ਰੱਖਿਆ ਗਿਆ। ਉਪਰੰਤ ਗੁਰਦੁਆਰਾ ਸਾਹਿਬ ਬਾਦਸ਼ਾਹੀ ਬਾਗ ਜਿੱਥੇ ਦਸਵੇਂ ਪਾਤਸ਼ਾਹ ਨੇ ਚਿੜੀਆਂ ਤੋਂ ਬਾਜ ਤੁੜਾਏ ਸਨ ਉੱਥੇ ਲੰਗਰ ਹਾਲ ਦੀਵਾਨ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ। ਗੁਰਬਾਣੀ ਪ੍ਰਿੰਟਿੰਗ ਪ੍ਰੈੱਸ ਸ਼ਾਹਪੁਰ ਭਵਨ ਵਿਖੇ ਵੀ ਹਰਿਆਣਾ ਕਮੇਟੀ ਦੀ ਟੀਮ ਪੁੱਜੀ ਅਤੇ ਉੱਥੇ ਸੰਗਤਾਂ ਲਈ ਰਿਹਾਇਸ਼ੀ ਸਰਾਂ ਅਤੇ ਕਲਰ ਮਸ਼ੀਨਾਂ ਦੇ ਪ੍ਰੋਜੈਕਟ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਭਾਈ ਬਰਾੜ ਨੇ ਦੱਸਿਆ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਵੱਡੇ ਪ੍ਰੋਜੈਕਟਾਂ ਦੇ ਕੰਮ ਕਰਕੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਤੇ ਖਰਾ ਉਤਰ ਰਹੀ ਹੈ।

### ਗੁਰਸਿੱਖ ਨੌਜਵਾਨਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨਾ ਸਾਡਾ ਮੁੱਖ ਉਦੇਸ਼

# ਅਮਰੀਕ ਸਿੰਘ ਕਿਲਾ ਹਕੀਮਾਂ ਨੇ ਪਿੰਡ ਬਾਲੀਆਂ ਦੇ ਨੌਜਵਾਨਾਂ ਨੂੰ ਗੱਤਕਾ ਕਿੱਟ ਭੇਟ ਕੀਤੀ



ਧੂਰੀ ( ਰਣਜੀਤ ਸਿੰਘ ਪੇਧਨੀ ) ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ ਮੈਂਬਰ ਸ੍ਰੋਮਣੀ ਸ਼੍ਰੋਮਣੀ ਕਮੇਟੀ ਹਲਕਾ ਧੂਰੀ ਵੱਲੋ ਸ੍ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਪਿੰਡ ਬਾਲੀਆਂ ਵਿਖੇ ਗੱਤਕਾ ਕਿੱਟ ਭੇਟ ਕੀਤੀ ਗਈ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕਿਹਾ ਕਿ ਪੰਜਾਬ ਦੇ ਗੁਰਸਿੱਖ ਨੌਜਵਾਨਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨਾ ਸਾਡਾ ਮੁੱਖ ਉਦੇਸ਼ ਹੈ। ਨੌਜਵਾਨਾਂ ਨੂੰ ਗੱਤਕਾ ਸਿਖਲਾਈ ਦੇ ਲਈ ਪਿੰਡ ਪਿੰਡ ਜਾ ਕੇ ਗੱਤਕੇ ਦਾ ਸਮਾਨ ਦਿੱਤਾ ਜਾ ਰਿਹਾ ਹੈ ਤਾ ਜੋ ਆਉਣ ਵਾਲੀਆਂ ਪੀੜੀਆ ਨੂੰ ਨਸ਼ਿਆਂ ਦੀ ਦਲਦਲ ਚੋ ਬਚਾਇਆ ਜਾ ਸਕੇ । ਉਨ੍ਹਾਂ ਪਿਡਾਂ, ਸਹਿਰਾਂ ਵਿੱਚ ਵਸਦੇ ਗੁਰਸਿੱਖ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਨਿੱਤਨੇਮ ਦੇ ਧਾਰਨੀ ਬਣਾਇਆ ਜਾਵੇ, ਤਾਂ ਜੋ ਆਉਣ ਵਾਲੇ ਸਮੇਂ ਵਿੱਚ ਗੁਰਸਿੱਖੀ ਦੇ ਪਸਾਰ ਨੂੰ ਵਧਾਇਆ ਜਾ ਸਕੇ। ਇਸ ਮੌਕੇ ਭਾਈ ਸਿਮਰਨ ਸਿੰਘ ਕਾਂਝਲਾ, ਹਰਮੀਤ ਸਿੰਘ ਸੋਢੀ ਪਟਿਆਲਾ, ਜਥੇ ਦਰਸਨ ਸਿੰਘ ਪ੍ਰਧਾਨ ਬਾਲੀਆਂ, ਜਥੇ ਛੱਜੂ ਸਿੰਘ ਅਤੇ ਲਲਿਤ ਬਾਲੀਆ ਤੋ ਇਲਾਵਾ ਵੱਡੀ ਗਿਣਤੀ ਵਿੱਚ ਗੱਤਕਾ ਸਿਖਲਾਈ ਵਾਲੇ ਬੱਚੇ ਵੱਡੀ ਗਿਣਤੀ ਵਿਚ ਹਾਜਰ ਸਨ।

# ਸੰਗਰੂਰ ਤੋਂ ਝੂੰਦਾ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ ਬਿੰਨਰ, ਹਰਚੰਦਪੁਰ



ਧੂਰੀ ( ਰਣਜੀਤ ਸਿੰਘ ਪੇਧਨੀ ) ਆਗਾਮੀ ਲੋਕ ਸਭਾ ਚੋਣਾਂ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਵੱਡੇ ਫਰਕ ਨਾਲ ਸ੍ਰੋਮਣੀ ਅਕਾਲੀ ਦਲ ਬਾਦਲ ਜਿੱਤ ਹਾਸਿਲ ਕਰੇਗੀ ਜਿਸ ਦੀ ਸ਼ੁਰੂਆਤ ਮਾਲਵਾ ਖੇਤਰ ਦੇ ਵਿੱਚੋਂ ਹੋਵੇਗੀ। ਸੰਗਰੂਰ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਇਕਬਾਲ ਸਿੰਘ ਝੂੰਦਾ ਵੱਡੇ ਮਾਰਜਨ ਨਾਲ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥ ਮਜਬੂਤ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਦੇ ਮੈਂਬਰ ਮਨਵਿੰਨਰ ਸਿੰਘ ਬਿਨਰ ਅਤੇ ਸਵਰਨਜੀਤ ਸਿੰਘ ਹਰਚੰਦਪੁਰ ਮੈਂਬਰ ਕੋਰ ਕਮੇਟੀ ਅਕਾਲੀ ਦਲ ਬਾਦਲ ਨੇ ਸਾਂਝੇ ਤੌਰ 'ਤੇ ਕੀਤਾ। ਉਹਨਾਂ ਕਿਹਾ ਕਿ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਹੀ ਹੇਠ ਪੂਰੇ ਪੰਜਾਬ ਅੰਦਰ ਅਕਾਲੀ ਦਲ ਦੇ ਹੱਕ ਵਿੱਚ ਹਨੇਰੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਵਾਰ ਆਮ ਆਦਮੀ ਪਾਰਟੀ ਦੀ ਲੋਕ ਵਿਰੋਧੀ ਨੀਤੀਆਂ ਤੋਂ ਅੱਕ ਚੁੱਕੇ ਹਨ ਕਿਉਕਿ ਜੋ ਫੈਸਲਾ ਸਰਕਾਰ ਸਵੇਰੇ ਲੈ ਲੈਂਦੀ ਐ ਉਸ ਨੂੰ ਸਾਮ ਨੂੰ ਵਾਪਿਸ ਲੈ ਲੈਦੀ ਐ ਸਰਕਾਰ ਨੇ ਹੁਣ ਤੱਕ ਯੂ ਟਰਨ ਵਾਲੇ ਹੀ ਕੰਮ ਕੀਤੇ ਹਨ।

# ਧਰਤੀ ਦਿਵਸ ਤੇ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਕਰਵਾਇਆ ਸਮਾਰੋਹ



ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :— ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਵਿਸ਼ਵ ਧਰਤੀ ਦਿਵਸ ਤੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਹ ਸਕੂਲ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਇਸ ਮੌਕੇ ਆਈਨਸਟਾਈਨ ਹਾਊਸ ਦੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਵਿਸ਼ਵ ਧਰਤੀ ਦਿਵਸ ਮਨਾਉਣ ਦੇ ਉਦੇਸ਼ ਅਤੇ ਇਸ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ, ਜਿਸ ਉਪਰੰਤ ਨੁੱਕੜ ਨਾਟਕ ਰਾਹੀਂ ਵਿਦਿਆਰਥੀਆਂ ਨੂੰ ਰੁੱਖਾਂ ਦੀ ਮਹੱਤਤਾ ਬਾਰੇ ਸਮਝਾਇਆ ਗਿਆ ਅਤੇ ਨਾਚ ਪੇਸ਼ਕਾਰੀ ਰਾਹੀਂ ਧਰਤੀ ਦੀ ਰਾਖੀ, ਰੁੱਖ ਲਗਾਉਣ ਅਤੇ ਪਲਾਸਟਿਕ ਵਰਗੀਆਂ ਚੀਜ਼ਾਂ ਦੀ ਵਰਤੋਂ ਨਾ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਤੋਂ ਇਲਾਵਾ ਵਿਸ਼ਵ ਧਰਤੀ ਦਿਵਸ ਮੌਕੇ ਸਕੂਲ ਵਿੱਚ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਸਾਰੀਆਂ ਜਮਾਤਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਕੂਲ ਦੇ ਈਕੋ—ਫਰੈਂਡਲੀ ਕਲੱਬ ਜੋ ਕਿ ਮਿਸ. ਗੁਰਨੀਤ ਕੌਰ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਇਸ ਦਿਨ ਦੇ ਮੌਕੇ ਤੇ ਵਿਦਿਆਰਥੀਆਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕਰਦੇ ਹੋਏ ਨਵੇਂ ਰੁੱਖ ਅਤੇ ਬੂਟੇ ਲਗਾਏ ਗਏ ਅਤੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਇਸ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਾਨੂੰ ਹਰ ਦਿਨ ਨੂੰ ਵਿਸ਼ਵ ਧਰਤੀ ਦਿਵਸ ਵਜੋਂ ਮਨਾਉਣਾ ਚਾਹੀਦਾ ਹੈ ਅਤੇ ਅਸੀਂ ਆਪਣੀ ਧਰਤੀ ਨੂੰ ਹਰ ਤਰ੍ਹਾਂ ਦੇ ਪ੍ਰਦੂਸ਼ਣ ਤੋਂ ਬਚਾਉਣਾ ਹੈ ਅਤੇ ਇਸ ਨੂੰ ਸਾਫ਼ ਰੱਖਣਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਇਨ੍ਹਾਂ ਗੱਲਾਂ ਦੀ ਪਾਲਣਾ ਕਰਦੇ ਹਾਂ ਤਾਂ ਹੀ ਅਸੀਂ ਧਰਤੀ ਤੇ ਚੰਗਾ ਅਤੇ ਸਿਹਤਮੰਦ ਜੀਵਨ ਬਤੀਤ ਕਰ ਸਕਾਂਗੇ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਨ ਨੂੰ ਬਚਾਉਣ ਦੀ ਸਹੁੰ ਵੀ ਚੁਕਾਈ।

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :— ਦੇਸ਼ ਵਿਦੇਸ਼ ਵਿਚ ਪ੍ਰਸਿੱਧ ਗੁਰਦੁਆਰਾ ਠਾਠ ਨਾਨਕਸਰ ਜਿਥੇ ਕਈ ਅਸਥਾਨਾਂ ਤੇ ਇਕਾਂਤ ਜਗ੍ਹਾ ਤੇ ਗੁਰਦੁਆਰਾ ਠਾ ਬਣੇ ਹੋਏ ਹਨ ਅਤੇ ਇਸ ਅਸਥਾਨ ਤੇ ਲੰਗਰ ਬਾਹਰੋ ਪੱਕ ਕੇ ਆਉਂਦਾ ਹੈ ਅਤੇ ਇਨ੍ਹਾਂ ਅਸਥਾਨਾਂ ਤੇ ਰਾਤ—ਦਿਨ ਭਗਤੀ ਹੁੰਦੀ ਹੈ ਜਾਂ ਇੰਝ ਕਹਿ ਲਵੋ ਨਾਨਕਸਰ ਭਗਤੀ ਦਾ ਘਰ ਜਿਥੇ 24 ਘੰਟੇ ਕਥਾ ਕੀਰਤਨ ਗੁਰਬਾਣੀ ਦਾ ਪਾਠ ਹੁੰਦਾ ਹੈ, ਕਿਉਂਕਿ ਇਹ ਗੁਰੂ ਨਾਨਕ ਸਾਹਿਬ ਜੀ ਦਾ ਘਰ ਹੈ ਅਤੇ ਇਨ੍ਹਾਂ ਅਸਥਾਨਾਂ ਤੇ ਜ਼ੋ ਵੀ ਪ੍ਰਾਣੀ ਆਪਣੀ ਸੁੱਖਾ ਸਖਦਾ ਹੈ, ਪੂਰੀਆਂ ਹੁੰਦੀਆਂ ਹਨ। ਇਸ ਕੜੀ ਤਹਿਤ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਕਥਾ ਕੀਰਤਨ ਕਰਦਿਆਂ ਕਿਹਾ ਕਿ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦਾ ਘਰ ਬਹੁਤ ਵੱਡਾ ਹੈ ਅਤੇ ਸੰਗਤਾਂ ਨੂੰ ਮਾਲੋ ਮਾਲ ਕਰਦੇ ਹਨ, ਜਿਹੜਾ ਮਨੁੱਖ ਸੁੱਚੇ ਮਨ ਨਾਲ ਉਨ੍ਹਾਂ ਤੇ ਪੂਰਨ ਭਰੋਸਾ ਰੱਖ ਕੇ ਉਨ੍ਹਾਂ ਦਾ ਓਟ ਆਸਰਾ ਲੈ ਲੈਂਦਾ ਹੈ, ਉਨ੍ਹਾਂ ਦੇ ਵਾਰੇ ਨਿਆਰੇ ਹੋ ਜਾਂਦੇ ਹਨ, ਇਹ ਸਭ ਕੁਝ ਸੰਗਤ ਵਿਚੋਂ ਮਿਲਦਾ ਹੈ, ਕਿਉਂਕਿ ਸੱਤ ਸੰਗਤ ਬਹੁਤ ਵੱਡਾ ਖਜਾਨਾ ਹੈ, ਜਿਹੜਾ ਪ੍ਰਾਣੀ ਸਤਸੰਗਤ ਕਰਦਾ ਹੈ, ਉਸ ਪ੍ਰਾਣੀ ਨੂੰ ਬਹੁਤ ਵੱਡਾ ਖਜਾਨਾ ਪ੍ਰਾਪਤ ਹੁੰਦਾ ਹੈ, ਕਿਉਂਕਿ ਇਹ ਸਭ ਕੁਝ ਮਹਾਂਪੁਰਖ ਹੀ ਜਾਂਚ ਦਸਦੇ ਹਨ, ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਉਠਦੇ ਬੈਠਦੇ ਸੌਂਦੇ ਜਾਗਦੇ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ, ਜੇਕਰ ਤੁਸੀਂ ਕੋਈ ਕੰਮ ਕਰ ਰਹੇ ਹੋ ਤਾਂ ਵੀ ਤੁਸੀਂ ਨਾਮ ਜਪ ਸਕਦੇ ਹੋ, ਜਿਵੇਂ ਬੀਬੀਆਂ ਲੰਗਰ ਪਕਾਉਂਦੀਆਂ ਜਾਂ ਘਰ ਦਾ ਕੰਮ ਕਰਦੀਆਂ ਨਾਮ ਜਪ ਸਕਦੀਆਂ ਹਨ, ਕਿਉਂਕਿ ਜਦੋਂ ਬੀਬੀਆਂ ਲੰਗਰ ਪਕਾਉਂਦੀਆਂ ਨਾਮ ਜਪਦੀਆਂ ਹਨ ਅਤੇ ਉਹ ਲੰਗਰ ਖਾਣ ਨਾਲ ਵੀ ਤੁਹਾਡੇ ਪਾਪ ਕੱਟੇ ਜਾਣਗੇ ਅਤੇ ਲੰਗਰ ਵਿਚ ਬਰਕਤ ਹੁੰਦੀ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਨਾਮ ਜਪਣਾ ਚਾਹੀਦਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਵੀ ਹਾਜ਼ਰ ਸਨ।

### ਕੈਨੇਡਾ ਦੇ ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ ਵਿਖੇ

# ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੀ ਤਸਵੀਰ ਸੁਸ਼ੋਭਿਤ






ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)- ਗੁਰਦੁਵਾਰਾ ਸਾਹਿਬ ਦਸਮੇਸ਼ ਦਰਬਾਰ ਸਰੀ ਕੈਨੇਡਾ ਵਿਖੇ ਨੌਜਵਾਨ ਸਿੰਘਾਂ ਵੱਲੋਂ ਅਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰ ਅੰਮ੍ਰਿਤਸਰ ਜੀ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੀ ਤਸਵੀਰ ਸੁਸ਼ੋਭਿਤ ਕੀਤੀ ਗਈ ।ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਮੂਹ ਪਰਿਵਾਰ ਅਤੇ ਸਮੂਹ ਨਗਰ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਿੰਘਾਂ ਦਾ ਧੰਨਵਾਦ ਕੀਤਾ। ਬਾਬਾ ਸੱਜਣ ਸਿੰਘ ਜੀ ਨੇ ਬੋਲਦਿਆਂ ਦੱਸਿਆ ਕਿ ਇਹ ਨੌਜਵਾਨ ਸਿੰਘਾਂ ਦਾ ਬਹੁਤ ਵਧੀਆ ਉਪਰਾਲਾ ਹੈ ਜੋ ਸ਼ਹੀਦ ਸਿੰਘਾਂ ਦੀਆਂ ਤਸਵੀਰਾਂ ਕਨੇਡਾ ਵਿਖੇ ਗੁਰਦੁਆਰਾ ਸਾਹਿਬ ਸ਼ੁਸ਼ੋਭਿਤ ਕੀਤੀਆਂ ਹਨ। ਅਸੀਂ ਸਮੂਹ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਿੰਘਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਸ਼ਹੀਦ ਸਿੰਘ ਕੌਮ ਦੇ ਸਾਂਝੇ ਹੁੰਦੇ ਹਨ ਜਿਨਾਂ ਦਾ ਸਤਿਕਾਰ ਕਰਨਾ ਸਾਡਾ ਸਾਰਿਆਂ ਦਾ ਫਰਜ਼ ਹੈ ।ਇਸ ਮੌਕੇ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਜਸਵੀਰ ਸਿੰਘ ਜੀ, ਸ੍ਰ ਮਨਜੀਤ ਸਿੰਘ ਜੀ ਸਪੁੱਤਰ ਸ੍ਰ ਹਰਜੀਤ ਸਿੰਘ ਜੀ ਵਾੜਾ ਸ਼ੇਰ ਸਿੰਘ, ਸ੍ਰ ਮਨਪ੍ਰੀਤ ਸਿੰਘ ਜੀ ਪਿੰਡ ਸਿੰਬਲ ਮਜਾਰਾ, ਸ੍ਰ ਪ੍ਰਦੀਪ ਸਿੰਘ ਜੀ ਪਿੰਡ ਖਿਆਲਾ ਕਲਾਂ, ਸ੍ਰ ਜੋਬਨ ਸਿੰਘ ਪਿੰਡ ਲੰਡਰ ਕੀਮਾਂ ਹਾਜਰ ਸਨ।

### 'ਦਸਵੰਧ' ਦੀ ਸੇਵਾ ਨਾਲ ਲੋੜਵੰਦਾਂ ਦੀ ਕੀਤੀ ਜਾਇਆ ਕਰੇਗੀ ਮਦਦ : ਭਾਨ ਸਿੰਘ ਜੱਸੀ

# ਇਕੱਤਰ ਹੋਈ ਪਹਿਲੀ ਸੇਵਾ "ਨਸ਼ਾ ਛਡਾਊ ਕਮੇਟੀ" ਨੂੰ ਕੀਤੀ ਸਮਰਪਿਤ



ਸ਼ੇਰਪੁਰ ( ਪੱਤਰ ਪ੍ਰੇਰਕ ) ਸ਼ੇਰਪੁਰ ਵਿਖੇ ਬਣੀ " ਜਪੁਜੀ ਸਾਹਿਬ ਸੇਵਾ ਸਿਮਰਨ ਕਮੇਟੀ " ਵੱਲੋਂ ਅੱਜ ਹਰਬੰਸ ਸਿੰਘ ਖਾਲਸਾ (ਵਜੀਦਕੇ ਵਾਲੇ) ਦੇ ਘਰ ਵਿਖੇ ਗੁਰੂ ਦੀ ਗੋਲਕ ਗਰੀਬ ਦਾ ਮੂੰਹ ਦੇ ਮਹਾਨ ਸ਼ਬਦਾਂ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਸ੍ਰੀ ਜਪੁਜੀ ਸਾਹਿਬ ਦਾ ਪਾਠ ਅਤੇ ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ ਗਿਆ, ਇਕੱਤਰ ਹੋਈਆਂ ਸੰਗਤਾਂ ਵੱਲੋਂ ਭੇਂਟ ਕੀਤੀ ਦਸਵੰਧ ਦੀ ਸੇਵਾ 2905 ਰੁਪਏ ਤੁਰੰਤ ਹੀ ਬਲਵਿੰਦਰ ਸਿੰਘ ਬਿੰਦਾ ਖੇੜੀ ਵਾਲੇ ਅਤੇ ਗੋਪੀ ਗਰੇਵਾਲ ਅਤੇ ਹੋਰਨਾਂ ਅਨੇਕਾਂ ਨੌਜਵਾਨਾਂ ਅਤੇ ਬਜ਼ੁਰਗਾਂ ਦੀ ਅਗਵਾਈ ਚ ਚਲਦੀ " ਨਸ਼ਾ ਛਡਾਊ ਕਮੇਟੀ ਸੇਰਪੁਰ " ਦੇ ਹਾਜ਼ਰ ਸੀਨੀ: ਮੈਂਬਰ ਬਹਾਦਰ ਸਿੰਘ ਗਰੇਵਾਲ , ਸਾਬਕਾ ਸਰਪੰਚ ਭੋਲਾ ਸਿੰਘ ਅਤੇ ਬਲਵਿੰਦਰ ਸਿੰਘ ਮਿੱਠੂ ਨੂੰ ਸਮਰਪਿਤ ਕੀਤੀ ਗਈ। ਇਕੱਤਰ ਹੋਈ ਦਸਵੰਧ ਦੀ ਰਾਸ਼ੀ ਲੋਕ ਭਲਾਈ ਕਾਰਜਾਂ ਨੂੰ ਸਮਰਪਿਤ ਕਰਦੇ ਹੋਏ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸਿਮਰਨ ਸੇਵਾ ਦੀ ਸਲਾਹ ਦੇਣ ਵਾਲੀ ਗੁਰੂ ਪਿਆਰੀ ਸ਼ਖਸੀਅਤ ਭਾਈ ਤੇਜਿੰਦਰ ਸਿੰਘ ਸੈਕਰਾਮੈਂਟੋ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ " ਗੁਰੂ ਦੀ ਗੋਲਕ , ਗਰੀਬ ਦਾ ਮੂੰਹ " ਦੇ ਮਹਾਨ ਸ਼ਬਦਾਂ ਨੂੰ ਅਮਲ ਰੂਪ ਵਿੱਚ ਲਾਗੂ ਕਰਨ ਲਈ "ਸ੍ਰੀ ਜਪੁਜੀ ਸਾਹਿਬ " ਦੇ ਪਾਠ ਉਪਰੰਤ ਸੰਗਤਾਂ ਵੱਲੋਂ ਜੋ ਮਾਇਆ ਭੇਂਟ ਕੀਤੀ ਜਾਇਆ ਕਰੇਗੀ ਉਹ ਤੁਰੰਤ ਹੀ ਸੰਗਤਾਂ ਦੀ ਹਾਜ਼ਰੀ ਵਿੱਚ ਕਿਸੇ ਲੋੜਵੰਦ ਵਿਅਕਤੀ ਜਾਂ ਮਿਸ਼ਨ ਨੂੰ ਸਮਰਪਿਤ ਕੀਤੀ ਜਾਇਆ ਕਰੇਗੀ। ਇਸ ਮੌਕੇ ਬੋਲਦਿਆਂ ਮਨਜੀਤ ਸਿੰਘ ਧਾਮੀ ਨੇ ਗੁਰੂ ਨਾਨਕ ਬਾਬਾ ਜੀ ਦਾ ਸੰਦੇਸ਼ ਘਰ ਘਰ ਪਹੁੰਚਾਉਣ ਦੇ ਵਿੱਢੇ ਉਪਰਾਲੇ ਨੂੰ ਸਲਾਘਾਯੋਗ ਕਦਮ ਕਰਾਰ ਦਿੱਤਾ । ਸ: ਧਾਮੀ ਨੇ ਕਿਹਾ ਕਿ ਉਹ ਇਸ ਕਮੇਟੀ ਨੂੰ ਹਰ ਡਟਵਾਂ ਸਾਥ ਦੇਣਗੇ, ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਕਰਨੈਲ ਸਿੰਘ ਬਾਗੜੀ , ਟਰੱਕ ਯੂਨੀ: ਦੇ ਸਾਬਕਾ ਪ੍ਰਧਾਨ ਜਗਦੇਵ ਸਿੰਘ ਕਾਕਾ, ਜਸਵਿੰਦਰ ਸਿੰਘ ਬਿੰਦਰ, ਦੀਦਾਰ ਸਿੰਘ ਖਾਲਸਾ , ਸਾਬਕਾ ਚੇਅਰਮੈਨ ਭਜਨ ਸਿੰਘ , ਰਾਜਪਾਲ ਸਿੰਘ ਖਾਲਸਾ, ਚਰਨਜੀਤ ਸਿੰਘ ਚੰਨੀ , ਪ੍ਰਧਾਨ ਸੌਦਾਗਰ ਸਿੰਘ , ਬਾਬਾ ਜਸਪਾਲ ਸਿੰਘ ਪਾਲੀ ਆਦਿ ਸ਼ਖਸੀਅਤਾਂ ਹਾਜ਼ਰ ਸਨ । ਅੰਤ ਵਿੱਚ ਹਰਬੰਸ ਸਿੰਘ ਖਾਲਸਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਅੱਜ ਡੀ.ਸੀ ਦਫਤਰ ਤੋਂ ਸ਼ੁਰੂ ਹੋਵੇਗਾ ਮੁਜ਼ਾਹਰਾ



ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :— ਸ਼ਹੀਦ ਭਗਤ ਸਿੰਘ ਟੈਕਨੀਕਲ ਯੂਨੀਵਰਸਿਟੀ ਦੇ ਸਮੂਹ ਅਹੁਦੇਦਾਰ, ਮੁਲਾਜ਼ਮ ਅਤੇ ਵਰਕਰਾਂ ਵੱਲੋਂ 13 ਮਾਰਚ 2024 ਤੋਂ ਭੁੱਖ ਹੜਤਾਲ ਸ਼ੁਰੂ ਕੀਤੀ ਗਈ ਹੈ ਜਿਸ ਦੀ ਅਗਵਾਈ ਜੁਆਇੰਟ ਐਕਸ਼ਨ ਕਮੇਟੀ ਫਿਰੋਜ਼ਪੁਰ ਕਰ ਰਹੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਗਦੀਪ ਸਿੰਘ ਮਾਂਗਟ ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਫਿਰੋਜ਼ਪੁਰ ਨੇ ਦਸਿਆ ਕਿ ਪਿਛਲੇ 7 ਮਹੀਨਿਆਂ ਤੋਂ ਸਾਰੇ ਸਟਾਫ ਨੂੰ ਤਨਖਾਹ ਨਹੀਂ ਮਿਲੀ। ਉਨ੍ਹਾਂ ਦੱਸਿਆ ਕਿ ਭੁੱਖ ਹੜਤਾਲ ਵਿਚ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫ਼ਿਰੋਜ਼ਪੁਰ, ਪੰਜਾਬ ਸੂਬਾਰਡੀਨੇਟ ਸਰਵਿਸ ਫੈਡਰੇਸ਼ਨ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਜੁਆਇੰਟ ਫਰੰਟ ਫ਼ਿਰੋਜ਼ਪੁਰ ਵੱਲੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਅਤੇ ਭੁੱਖ ਹੜਤਾਲ ਦਾ ਸਮਰਥਨ ਕੀਤਾ। ਇਸ ਮੌਕੇ ਵੱਖ—ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਵੀ ਸ਼ਾਮਲ ਹੋ ਕੇ ਹੌਂਸਲਾ ਅਫ਼ਜਾਈ ਕੀਤੀ, ਜੁਆਇੰਨ ਐਕਸ਼ਨ ਕਮੇਟੀ ਵੱਲੋਂ ਹਲਕਾ ਵਿਧਾਇਕ ਦਿਹਾਂਤੀ ਅਤੇ ਸ਼ਹਿਰੀ ਸ਼੍ਰੀ ਰਜਨੀਸ਼ ਦਹੀਆ ਅਤੇ ਰਣਬੀਰ ਸਿੰਘ ਭੁੱਲਰ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਪ੍ਰਮੁੱਖ ਸਕੱਤਰ ਪੰਜਾਬ ਨੂੰ ਮਿਲ ਕੇ ਮੰਗ ਪੱਤਰ ਸੌਂਪਿਆ ਇਨ੍ਹਾਂ ਨਾਲ਼ ਯੂਨੀਵਰਸਿਟੀ ਦੇ ਵੀ.ਸੀ ਵੀ ਨਾਲ ਸਨ, ਪੰਜਾਬ ਸਰਕਾਰ ਵੱਲੋਂ ਯੂਨੀਵਰਸਿਟੀ ਲਈ 30 ਕਰੋੜ ਦੇ ਬਜਟ ਦੀ ਵਿਧਾਨ ਸਭਾ ਗੱਲ ਕੀਤੀ, ਪਰ ਦਿਤਾ ਸਿਰਫ 15 ਕਰੋੜ ਜਿਸ ਕਾਰਨ ਅਜੇ ਤੱਕ ਤਨਖਾਹਾਂ ਦਾ ਮਸਲਾ ਹੱਲ ਨਹੀਂ ਹੋਇਆ, ਭੁੱਖ ਹੜਤਾਲ ਵਿਖ ਸ੍ਰੀ ਸੁਭਾਸ਼ ਸ਼ਰਮਾ, ਮਹਿੰਦਰ ਸਿੰਘ ਧਾਲੀਵਾਲ, ਕਿਸ਼ਨ ਚੰਦ ਜਾਗੋਵਾਲੀਆ, ਸੁਰਿੰਦਰ ਸਿੰਘ, ਸ਼ਬੇਗ ਸਿੰਘ, ਕਸ਼ਮੀਰ ਸਿੰਘ, ਸਵਿੰਦਰਪਾਲ ਕੌਰ, ਜਰਨੈਲ ਸਿੰਘ ਔਲਖ ਰਿਟਾਇਰਡ ਡੀ.ਐਸ.ਪੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਸੁਬੇਗ ਸਿੰਘ ਅਜੀਜ ਕੋਆਰਡੀਨੇਟਰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ, ਜ਼ਸਪਾਲ ਸਿੰਘ ਰਿਟਾ. ਡੀ.ਐਸ.ਪੀ ਸਹਾਇਕ ਕੋਆਰਡੀਨੇਟਰ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਫ਼ਿਰੋਜ਼ਪੁਰ ਨਾਲ ਸਬੰਧਤ ਸਾਰੀਆਂ ਧਿਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ 22 ਅਪ੍ਰੈਲ ਨੂੰ ਸਵੇਰੇ 12:30 ਵਜੇ ਡੀ.ਸੀ ਦਫਤਰ ਦੇ ਗੇਟ ਸਾਹਮਣੇ ਇਕੱਤਰਤਾ ਕਰਕੇ ਭਗਤ ਸਿੰਘ ਇੰਜੀਨੀਅਰ ਅਤੇ ਟੈਕਨੀਲ ਕਾਲਜ ਕੈਂਪਸ ਵਿਖੇ ਸੰਘਰਸ਼ ਕਰ ਰਹੇ ਸਾਥੀਆਂ ਦਾ ਸਾਥ ਦੇਣ ਲਈ ਸ਼ਾਮਿਲ ਹੋਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਮੌਕੇ ਵੱਡੀ ਗਿਣਤੀ ਸਾਥੀ ਹਾਜ਼ਰ ਹੋਣਗੇ। ਅੱਜ ਦੇ ਭੁੱਖ ਹੜਤਾਲ ਸੰਘਰਸ਼ ਵਿੱਚ ਸਾਥੀ ਸ਼ਬੇਗ ਸਿੰਘ, ਜਸਪਾਲ ਸਿੰਘ, ਗੁਰਦਿਆਲ ਸਿੰਘ, ਅਜੀਤ ਸਿੰਘ ਸੋਢੀ, ਓਮ ਪ੍ਰਕਾਸ਼ ਸੰਬੋਧਨ ਕਰਦਿਆਂ ਸਰਕਾਰ ਵਿਰੁੱਧ ਰੋਹ ਜਾਹਿਰ ਕੀਤਾ। ਆਗੂਆਂ ਨੇ ਦੱਸਿਆ ਕਿ ਅੱਜ ਸ਼ਹੀਦ ਭਗਤ ਸਿੰਘ ਟੈਕਨੀਕਲ ਯੂਨੀਵਰਸਿਟੀ ਫਿਰੋਜ਼ਪੁਰ ਜੁਆਇੰਟ ਐਕਸ਼ਨ ਕਮੇਟੀ ਵੱਲੋਂ ਸਪੈਸ਼ਲ ਸਕੱਤਰ ਪੰਜਾਬ ਸਰਕਾਰ ਨਾਲ ਤਨਖਾਹਾਂ ਸਬੰਧੀ ਮੀਟਿੰਗ ਵਿੱਚ ਜਲਦੀ ਹੀ ਤਨਖਾਹ ਦੇਣ ਦਾ ਐਲਾਨ ਕੀਤਾ ਗਿਆ, ਜਿਸ ਦੇ ਚਲਦਿਆਂ ਭੁੱਖ ਹੜਤਾਲ ਨੂੰ ਕੁਝ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ। ਇਸ ਮੌਕੇ ਜੁਆਇੰਟ ਐਕਸ਼ਨ ਕਮੇਟੀ ਦੇ ਕੋਰ ਕਮੇਟੀ ਮੈਂਬਰ ਡਾ: ਕੁਲਭੂਸ਼ਨ ਅਗਨੀਹੋਤਰੀ ਪ੍ਰਧਾਨ ਈ.ਸੀ.ਟੀ.ਏ, ਡਾ: ਰਕੇਸ਼ ਕੁਮਾਰ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਪ੍ਰਧਾਨ ਸਟਾਫ ਵੈਲਫੇਅਰ ਐਸੋਸੀਏਸ਼ਨ, ਸਤਿੰਦਰ ਕੁਮਾਰ ਜਨਰਲ ਸਕੱਤਰ, ਡਾ: ਦੀਪਇੰਦਰ ਸਿੰਘ, ਮਦਨ ਉਨੀਆ, ਨਵਦੀਪ ਕੌਰ ਝੰਜੀ, ਡਾ: ਵਿਸ਼ਾਲੀ ਗੋਇਲ, ਇੰਜੀਨੀਅਰ ਜੇ.ਐਸ ਮੰਗਤ, ਡਾ: ਤੇਜੀਤ ਸਿੰਘ, ਜਗਮੀਤ ਸਿੰਘ, ਮੁਨੀਸ਼ ਕੁਮਾਰ, ਅਵਤਾਰ ਸਿੰਘ, ਡਾ: ਰਾਜੀਵ ਕੁਮਾਰ, ਪੀ.ਪੀ. ਸਿੰਘ, ਯਸ਼ਪਾਲ, ਮਿਸ ਸ਼ਬਨਮ, ਯਸ਼ਪਾਲ ਆਦਿ ਹਾਜ਼ਰ ਸਨ।

## ਅੰਮ੍ਰਿਤਸਰ ਸਮਾਰਟ ਸਿਟੀ ਪ੍ਰੋਜੈਕਟ ਤਹਿਤ ਕੇਂਦਰੀ ਫੰਡਾਂ ਬਾਰੇ ਇਨਕੁਆਰੀ ਕਰਾਈ ਜਾਵੇਗੀ -ਤਰਨਜੀਤ ਸਿੰਘ ਸੰਧੂ



ਅੰਮ੍ਰਿਤਸਰ 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਸਮਾਰਟ ਸਿਟੀ ਪ੍ਰੋਜੈਕਟ ਤਹਿਤ ਕੇਂਦਰੀ ਫੰਡਾਂ ਦੀ ਜਾਂਚ ਹੋਣੀ ਚਾਹੀਦੀ ਹੈ ਅਤੇ ਅਸੀਂ ਇਸ ਦੀ ਜਾਂਚ ਕਰਾਵਾਂਗੇ। ਦੋਸ਼ੀ ਪਾਏ ਜਾਣ 'ਤੇ ਅਧਿਕਾਰੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਤਰਨਜੀਤ ਸਿੰਘ ਸੰਧੂ ਅੱਜ ਭਾਜਪਾ ਦਫ਼ਤਰ ਵਿਖੇ ਪ੍ਰੈੱਸ ਕਾਨਫ਼ਰੰਸ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਸਮਾਰਟ ਸਿਟੀ ਪ੍ਰਾਜੈਕਟ 'ਤੇ ਕੋਈ ਸਾਰਥਿਕ ਕੰਮ ਨਹੀਂ ਹੋਇਆ ਹੈ। ਪੰਜਾਬ ਸਰਕਾਰ ਦੀਵਾਲੀਆ ਹੋਣ ਦੇ ਕਰੀਬ ਹੋ ਚੁੱਕੀ ਹੈ। ਕੇਂਦਰੀ ਸਕੀਮਾਂ ਲੋਕਾਂ ਤੱਕ ਨਹੀਂ ਪਹੁੰਚ ਰਹੀਆਂ। ਅਮਨ-ਕਾਨੂੰਨ ਦੀ ਸਥਿਤੀ ਵਿਗੜ ਰਹੀ ਹੈ, ਹਰ ਰੋਜ਼ ਗੋਲ਼ੀਬਾਰੀ ਦੀਆਂ ਖ਼ਬਰਾਂ ਆ ਰਹੀਆਂ ਹਨ। ਸੂਬੇ 'ਚ ਅਮਨ-ਕਾਨੂੰਨ ਨੂੰ ਬਣਾਈ ਰੱਖਣਾ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਹੈ ਪਰ ਸਰਕਾਰ ਇਸ ਮਾਮਲੇ 'ਚ ਵੀ ਪੂਰੀ ਤਰ੍ਹਾਂ ਫ਼ੇਲ੍ਹ ਹੋਈ ਹੈ। ਨਸ਼ਿਆਂ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਇਹ ਸਰਕਾਰ 4 ਹਫ਼ਤਿਆਂ 'ਚ ਨਸ਼ਾ ਖ਼ਤਮ ਕਰਨ ਦੇ ਨਾਂਅ 'ਤੇ ਬਣੀ ਹੈ ਪਰ ਨਸ਼ਿਆਂ ਦੀ ਸਮੱਸਿਆ ਇਹ ਹੈ ਕਿ ਅੰਮ੍ਰਿਤਸਰ ਦੇ ਕਈ ਇਲਾਕਿਆਂ ਅਤੇ ਪਿੰਡਾਂ 'ਚ ਜਿੱਥੇ ਮੈਂ ਗਿਆ, ਉੱਥੇ ਛੋਟੇ-ਛੋਟੇ ਬੱਚੇ ਹਨ ਜਿਨ੍ਹਾਂ ਦੇ ਪਿਤਾ ਨਸ਼ੇੜੀ ਹਨ ਜਾਂ ਨਸ਼ੇ ਕਾਰਨ ਮਰ ਚੁੱਕੇ ਹਨ੍ਹ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਕਈ ਇਲਾਕਿਆਂ 'ਚ ਸੀਵਰੇਜ ਦੀ ਸਮੱਸਿਆ ਹੈ, ਕਈ ਲੋਕ ਬਦਬੂਦਾਰ ਪਾਣੀ 'ਚ ਰਹਿਣ ਲਈ ਮਜਬੂਰ ਹਨ ਪਰ ਹੈਰਾਨੀ ਦੀ ਗੱਲ ਇਹ ਹੈ ਕਿ ਪਿਛਲੇ 7 ਸਾਲਾਂ ਤੋਂ ਇੱਥੇ ਚੁਣੇ ਗਏ ਲੋਕ ਨੁਮਾਇੰਦਿਆਂ ਨੇ ਇਸ ਦੇ ਹੱਲ ਲਈ ਕੁਝ ਨਹੀਂ ਕੀਤਾ। ਨਾ ਹੀ ਉਨ੍ਹਾਂ ਨੇ ਕਦੇ ਇਸ ਵੱਲ ਧਿਆਨ ਦਿੱਤਾ ਹੋਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਰਾਜ ਸਰਕਾਰ ਤਬਦੀਲੀ ਦੇ ਨਾਂ 'ਤੇ ਬਣੀ ਸੀ ਪਰ ਮੈਂ ਕਈ ਕਾਲੋਨੀਆਂ ਦਾ ਦੌਰਾ ਕੀਤਾ ਹੈ ਅਤੇ ਘਰਾਂ ਵਿੱਚ ਸੀਵਰੇਜ ਦਾ ਪਾਣੀ ਵਹਿ ਰਿਹਾ ਹੈ। ਵੀਆਈਪੀ ਕਲਚਰ ਨੂੰ ਖ਼ਤਮ ਕਰਨ ਦੇ ਨਾਂ 'ਤੇ ਅੱਗੇ ਆਈ ਸਰਕਾਰ ਇੱਥੋਂ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਨਾਂ 'ਤੇ ਕੁਝ ਨਹੀਂ ਕਰ ਰਹੀ। ਗੈਂਗਵਾਰ ਅਤੇ ਲੁੱਟਮਾਰ ਆਮ ਹੋ ਗਈ ਹੈ। ਜਨਤਾ ਸਭ ਨੂੰ ਪਰਖ ਚੁੱਕੀ ਹੈ ਅਤੇ ਹੁਣ ਭਾਜਪਾ 'ਤੇ ਭਰੋਸਾ ਕਰਦੀ ਹੈ। ਉਨ੍ਹਾਂ ਕਿਹਾ ਕਿ ਜੋ ਵਿਕਾਸ ਭਾਰਤ ਵਿੱਚ ਹੋ ਰਿਹਾ ਹੈ, ਉਹੀ ਅੰਮ੍ਰਿਤਸਰ ਵਿੱਚ ਵੀ ਹੋਵੇਗਾ। ਉਨ੍ਹਾਂ ਕਿਹਾ ਕਿ ਮੇਰੇ ਲਈ ਰਾਜਨੀਤੀ ਧੰਦਾ ਨਹੀਂ ਸਗੋਂ ਲੋਕ ਸੇਵਾ ਹੈ। ਅੰਮ੍ਰਿਤਸਰ ਸਿਫ਼ਤੀ ਦਾ ਘਰ ਹੈ, ਬਦਮਾਸ਼ਾਂ ਦਾ ਨਹੀਂ। ਲੋਕ ਚਾਹੁੰਦੇ ਹਨ ਕਿ ਇੱਥੋਂ ਚੰਗੇ ਲੋਕ ਹੀ ਅੱਗੇ ਆਉਣ। ਇਸ ਲਈ ਚੰਗੇ ਲੋਕਾਂ ਨੂੰ ਵੀ ਰਾਜਨੀਤੀ ਵਿੱਚ ਅੱਗੇ ਆਉਣਾ ਅਤੇ ਲਿਆਂਦਾ ਜਾਣਾ ਚਾਹੀਦਾ ਹੈ।